ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 23 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੮ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਏਅਰ ਇੰਡੀਆ ਦੀ ਫਲਾਈਟ 'ਚ ਮਚਿਆ ਹੜਕੰਪ, ਕਾਕਪਿਟ ਦਾ ਦਰਵਾਜ਼ਾ ਖੋਲ੍ਹਣ ਲੱਗਾ ਇੱਕ ਯਾਤਰੀ

**ਬੈਂਗਲੁਰੂ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਏਅਰ ਇੰਡੀਆ ਐਕਸਪ੍ਰੈਸ ਬੈਂਗਲੁਰੂ–ਵਾਰਾਨਸੀ ਫਲਾਈਟ ਵਿੱਚ ਇੱਕ ਸੁਰੱਖਿਆ ਸਬੰਧੀ ਘਟਨਾ ਦਾ ਮਾਮਲਾ ਸਾਹਮਣੇ ਆਇਆ ਹੈ। ਫਲਾਈਟ ਸੋਮਵਾਰ ਸਵੇਰੇ 8 ਵਜੇ ਬੈਂਗਲੁਰੂ ਤੋਂ ਵਾਰਾਨਸੀ ਲਈ ਰਵਾਨਾ ਹੋਈ। ਇਸ ਦੌਰਾਨ ਇੱਕ ਯਾਤਰੀ ਨੇ ਟਾਇਲਟ ਜਾਣਾ ਸੀ , ਉਸ ਨੇ ਕਥਿਤ ਤੌਰ 'ਤੇ ਕਾਕਪਿਟ ਵਿੱਚ ਜ਼ਬਰਦਸਤੀ ਦਾਖਲ ਹੋਣ ਦੀ ਕੋਸ਼ਿਸ਼ ਕੀਤੀ, ਜਿਸ ਨਾਲ ਹੰਗਾਮਾ ਹੋ ਗਿਆ। ਸ਼ੁਰੂ ਵਿੱਚ ਯਾਤਰੀਆਂ ਤੋਂ ਲੈ ਕੇ ਕੈਬਿਨ ਕਰੂ ਤੱਕ ਸਾਰੇ ਘਬਰਾ ਗਏ। ਹਾਲਾਂਕਿ, ਘਟਨਾ ਨੂੰ ਸਮੇਂ ਸਿਰ ਹੱਲ ਕਰ ਲਿਆ ਗਿਆ। ਅਧਿਕਾਰੀਆਂ ਨੇ ਇਸ ਘਟਨਾ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਕੋਈ ਸੁਰੱਖਿਆ ਪ੍ਰੋਟੋਕੋਲ ਨਾਲ ਸਮਝੌਤਾ ਨਹੀਂ ਕੀਤਾ ਗਿਆ ਅਤੇ ਮਾਮਲੇ ਦੀ ਰਿਪੋਰਟ ਸਬੰਧਤ ਅਧਿਕਾਰੀਆਂ ਨੂੰ ਕਰ ਦਿੱਤੀ ਗਈ ਹੈ। ਘਟਨਾ ਦੇ ਜਵਾਬ ਵਿੱਚ ਏਅਰ ਇੰਡੀਆ ਐਕਸਪ੍ਰੈਸ ਨੇ ਇੱਕ ਬਿਆਨ ਜਾਰੀ ਕਰਕੇ ਕਿਹਾ, "ਅਸੀਂ ਮੀਡੀਆ ਰਿਪੋਰਟਾਂ ਤੋਂ ਜਾਣੂ ਹਾਂ ਕਿ ਬੰਗਲੁਰੂ ਤੋਂ ਵਾਰਾਣਸੀ ਜਾਣ ਵਾਲੀ ਇੱਕ ਉਡਾਣ ਵਿੱਚ ਇੱਕ ਯਾਤਰੀ ਨੇ ਕਾਕਪਿਟ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ,ਉਹ ਟਾਇਲਟ ਜਾਣਾ ਚਾਹੁੰਦਾ ਸੀ। ਏਅਰ ਇੰਡੀਆ ਐਕਸਪ੍ਰੈਸ ਨੇ ਅੱਗੇ ਕਿਹਾ, "ਅਸੀਂ ਜਨਤਾ ਨੂੰ ਭਰੋਸਾ ਦਿਵਾਉਣਾ ਚਾਹੁੰਦੇ ਹਾਂ ਕਿ ਸਾਡੇ ਸੁਰੱਖਿਆ ਸਿਸਟਮ ਮਜ਼ਬੂਤ ਹਨ ਅਤੇ ਕੋਈ ਉਲੰਘਣਾ ਨਹੀਂ ਹੋਈ ਹੈ। ਇਸ ਮਾਮਲੇ ਦੀ ਜਾਂਚ ਚੱਲ ਰਹੀ ਹੈ।"

## ਨਾਭਾ 'ਚ ਪੁਲਿਸ ਤੇ ਕਿਸਾਨਾਂ ਵਿਚਾਲੇ ਧੱਕਾ-ਮੁੱਕੀ, ਪੱਗਾਂ ਲੱਥੀਆਂ-ਫਟੇ ਕੱਪੜੇ

# ਡੀਐਸਪੀ ਦੇ ਘਿਰਾਓ ਨੂੰ ਲੈ ਕੇ ਤਣਾਅਪੂਰਨ ਮਾਹੌਲ

**ਪਟਿਆਲਾ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ ਦੇ ਨਾਭਾ ਵਿੱਚ ਪੁਲਿਸ ਅਤੇ ਕਿਸਾਨਾਂ ਵਿਚਾਲੇ ਧੱਕਾ-ਮੁੱਕੀ ਹੋਣ ਦੀ ਖਬਰ ਹੈ। ਦੱਸਿਆ ਜਾ ਰਿਹਾ ਹੈ ਕਿ ਕਿਸਾਨਾਂ ਵੱਲੋਂ ਡੀਐਸਪੀ ਮਨਦੀਪ ਕੌਰ ਦੇ ਘਿਰਾਓ ਦੀ ਕਾਲ ਦਿੱਤੀ ਗਈ ਸੀ, ਜਿਸ ਨੂੰ ਲੈ ਕੇ ਕਿਸਾਨ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਸਨ। ਇਸ ਦੌਰਾਨ ਜਦੋਂ



ਕਿਸਾਨਾਂ ਵੱਲੋਂ ਡੀਐਸਪੀ ਦੀ ਗੱਡੀ ਅੱਗੇ ਬੈਠ ਕੇ ਰੋਕਿਆ ਗਿਆ ਤਾਂ ਪੁਲਿਸ ਵੱਲੋਂ ਉਠਾਉਣ ਦੀ ਕੋਸ਼ਿਸ਼ ਕੀਤੀ ਗਈ, ਜਿਸ ਦੌਰਾਨ ਇਹ ਮਾਮਲਾ ਵੱਧ ਗਿਆ।

**ਡੀਐਸਪੀ ਮਨਦੀਪ ਕੌਰ ਦਾ ਪੈ ਗਿਆ ਪੰਗਾ, ਕਿਹਾ ਮੇਰਾ ਜੂੜਾ ਪੁੱਟਿਆ :** ਨਾਭਾ ਵਿਚ ਕਿਸਾਨ ਅਤੇ ਪੁਲਸ ਆਹਮੋ-ਸਾਹਮਣੇ ਹੋ ਗਈ। ਇਸ ਦੌਰਾਨ ਨਾਭਾ ਦੀ ਡੀਐੱਸਪੀ ਮਨਦੀਪ ਕੌਰ ਨੇ ਦੋਸ਼ ਲਗਾਏ ਕਿ ਕਿਸਾਨਾਂ ਨੇ ਉਨ੍ਹਾਂ ਨਾਲ ਧੁੱਕਾ ਮੁੱਕੀ ਕੀਤੀ ਅਤੇ ਉਨ੍ਹਾਂ ਦਾ ਜੂੜਾ ਵੀ ਪੱਟਿਆ। ਦਰਅਸਲ ਬੀਤੇ ਦਿਨ ਚੋਰੀ ਹੋਈਆਂ ਟਰਾਲੀਆਂ ਨੂੰ ਲੈ ਕੇ ਨਗਰ ਕੌਂਸਲ ਦੀ ਪ੍ਰਧਾਨ ਸੁਜਾਤਾ ਚਾਵਲਾ ਦੇ ਪਤੀ ਪੰਕਜ ਪੱਪੂ ਦੀ ਗ੍ਰਿਫਤਾਰੀ ਨੂੰ ਲੈ ਕੇ ਡੀਐੱਸਪੀ ਦਫਤਰ ਦੇ ਬਾਹਰ ਕਿਸਾਨਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ। ਇਸ ਰੋਸ ਪ੍ਰਦਰਸ਼ਨ ਵਿਚ ਚਾਰ ਯੂਨੀਅਨਾਂ ਸ਼ਾਮਲ ਸਨ ਜਿਸ ਵਿਚ ਭਾਰਤੀ ਕਿਸਾਨ ਯੂਨੀਅਨ ਆਜ਼ਾਦ, ਭਾਰਤੀ ਕਿਸਾਨ ਯੂਨੀਅਨ ਭਟੇੜ ਕਲਾਂ, ਅਤੇ ਕ੍ਰਾਂਤੀਕਾਰੀ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ। ਕਿਸਾਨਾਂ ਵੱਲੋਂ ਮੰਗ ਕੀਤੀ ਗਈ ਕਿ ਪੁਲਸ ਨੇ ਹਲਕੀਆਂ ਧਰਾਵਾਂ ਲਗਾ ਕੇ ਪੰਕਜ ਪੱਪੂ ਨੂੰ ਜ਼ਮਾਨਤ ਦਵਾ ਦਿੱਤੀ ਅਤੇ ਹੁਣ ਲਗਾਤਾਰ ਕਿਸਾਨ ਰੋਸ ਪ੍ਰਦਰਸ਼ਨ ਕਰ ਰਹੇ ਸੀ। ਇਸ ਦੌਰਾਨ ਡੀਐੱਸਪੀ ਮੈਡਮ ਮਨਦੀਪ ਕੌਰ ਆਪਣੇ ਦਫਤਰ ਤੋਂ ਬਾਹਰ ਨਿਕਲਣ ਲੱਗੀ ਤਾਂ ਕਿਸਾਨਾਂ ਅਤੇ ਡੀਐੱਸਪੀ ਦਰਮਿਆਨ ਤੂੰ-ਤੂੰ ਮੈਂ-ਮੈਂ ਹੋ ਗਈ। ਮਾਮਲਾ ਇੰਨਾ ਵੱਧ ਗਿਆ ਕਿ ਕਿਸਾਨ ਅਤੇ ਪੁਲਸ ਆਹਮੋ-ਸਾਹਮਣੇ ਹੋ ਗਏ। ਇਸ ਮੌਕੇ ਨਾਭਾ ਦੇ ਡੀਐੱਸਪੀ ਮਨਦੀਪ ਕੌਰ ਨੇ ਭਰੇ ਮਨ ਨਾਲ ਕਿਹਾ ਕਿ ਮੈਂ ਇਨ੍ਹਾਂ ਨੂੰ ਧਰਨੇ ਤੋਂ ਬਿਲਕੁਲ ਵੀ ਨਹੀਂ ਰੋਕਿਆ ਅਤੇ ਇਹ ਧਰਨਾ ਦੇ ਰਹੇ ਸੀ ਅਤੇ ਮੈਂ ਕਿਸਾਨਾਂ ਨਾਲ ਗੱਲਬਾਤ ਕਰਨ ਆਈ ਸੀ ਅਤੇ ਮੈਂ ਜਦੋਂ ਗੱਡੀ ਲੈ ਕੇ ਜ਼ਰੂਰੀ ਕੰਮ ਲਈ ਜਾਣ ਲੱਗੀ ਤਾਂ ਇਨ੍ਹਾਂ ਨੇ ਮੇਰੀ ਗੱਡੀ ਰੋਕ ਕੇ ਮੇਰੇ ਨਾਲ ਖਿਚ-ਧੂ ਕੀਤੀ ਅਤੇ ਵਰਦੀ ਨੂੰ ਹੱਥ ਪਾਇਆ, ਉਨ੍ਹਾਂ ਦੋਸ਼ ਲਗਾਇਆ ਕਿ ਕਿਸਾਨਾਂ ਨੇ ਮੇਰਾ ਜੂੜਾ ਵੀ ਪੁੱਟਿਆ। ਡੀ. ਐੱਸ. ਪੀ. ਨੇ ਕਿਹਾ ਕਿ ਬਦਸਲੂਕੀ ਕਰਨ ਕਰਕੇ ਮੈਂ ਇਨ੍ਹਾਂ ਖ਼ਿਲਾਫ਼ ਕਾਰਵਾਈ ਕਰਾਂਗੀ।

## ਪ੍ਰਵਾਸੀਆਂ ਨੂੰ ਗੁਰਪਤਵੰਤ ਸਿੰਘ ਪੰਨੂੰ ਦੀ ਧਮਕੀ, ਕਿਹਾ-19 ਅਕਤੂਬਰ ਤੱਕ ਛੱਡੋ ਪੰਜਾਬ

**ਜਲੰਧਰ/ਬਟਾਲਾ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਹਮਾਇਤੀ ਸੰਗਠਨ ਸਿੱਖ ਫਾਰ ਜਸਟਿਸ ਨੇ ਦੀਵਾਲੀ ਮੌਕੇ ਅਯੁੱਧਿਆ ਵਿਚ ਹਨ੍ਹੇਰਾ ਕਰਨ ਦੀ ਚਿਤਾਵਨੀ ਦਿੱਤੀ ਹੈ। ਇਸ ਦੇ ਨਾਲ ਹੀ ਬਟਾਲਾ ਵਿਚ ਖਾਲਿਸਤਾਨੀ ਨਾਅਰੇ ਲਿਖਵਾਏ ਜਾਣ ਦਾ ਵੀ ਦਾਅਵਾ ਕੀਤਾ ਗਿਆ ਹੈ। ਇਸ ਦੇ ਇਲਾਵਾ ਗੁਰਪਤਵੰਤ ਸਿੰਘ ਪੰਨੂੰ ਨੇ ਪੰਜਾਬ ਵਿਚ ਰਹਿ ਪ੍ਰਵਾਸੀਆਂ ਨੂੰ ਵੀ ਦੀਵਾਲੀ ਤੋਂ ਪਹਿਲਾਂ ਪੰਜਾਬ ਛੱਡਣ ਦਾ ਅਲਟੀਮੇਟਮ ਦਿੱਤਾ ਹੈ। ਗੁਰਪਤਵੰਤ ਸਿੰਘ ਪੰਨੂੰ ਨੇ ਵੀਡੀਓ ਜਾਰੀ ਕਰਕੇ ਕਿਹਾ ਕਿ ਪੰਜਾਬ ਵਿਚ ਸਿਰਫ਼ ਉਹੀ, ਰਹੇਗਾ ਜੋ ਦੀਵਾਲੀ ਦੀ ਬਜਾਏ ਬੰਦੀ ਛੋੜ ਦਿਵਸ 'ਤੇ ਦੀਪਮਾਲਾ ਕਰੇਗਾ। ਉਸ ਨੇ ਕਿਹਾ ਕਿ 19 ਅਕਤੂਬਰ ਤੱਕ ਪ੍ਰਵਾਸੀ ਪੰਜਾਬ ਛੱਡ ਦੇਣ, ਨਹੀਂ ਤਾਂ ਉਨ੍ਹਾਂ ਨੂੰ ਗੰਭੀਰ ਨਤੀਜੇ ਭੁਗਤਣੇ ਪੈਣਗੇ। ਉਥੇ ਹੀ ਪੰਨੂੰ ਨੇ ਵੀਡੀਓ ਵਿਚ ਬਟਾਲਾ ਰੇਲਵੇ ਸਟੇਸ਼ਨ ਦੇ ਕੁਝ ਵਿਜ਼ੂਅਲ ਵੀ ਵਿਖਾਏ ਹਨ। ਉਸ



ਦੇ ਵੱਲੋਂ ਦਾਅਵਾ ਕੀਤਾ ਜਾ ਰਿਹਾ ਹੈ ਕਿ ਬਟਾਲਾ ਰੇਲਵੇ ਸਟੇਸ਼ਨ 'ਤੇ ਖਾਲਿਸਤਾਨੀ ਨਾਅਰੇ ਲਿਖੇ ਗਏ ਹਨ। ਉਸ ਨੇ ਕਿਹਾ ਕਿ ਇਹ ਨਾਅਰੇ ਸਟੇਸ਼ਨ ਦੇ ਬੋਰਡ ਅਤੇ ਇਲੈਕਟ੍ਰੀਸਿਟੀ ਬਾਕਸ 'ਤੇ ਉਸ ਨੇ ਹੀ ਲਿਖਵਾਏ ਹਨ। ਆਪਣੇ ਸੰਦੇਸ਼ ਵਿਚ ਪੰਨੂੰ ਨੇ ਕਿਹਾ ਕਿ ਖਾਸ ਕਰਕੇ ਪ੍ਰਵਾਸੀ ਪੰਜਾਬੀ ਸੂਬਾ ਛੱਡਣ, ਜੋ ਹਿੰਦੂਤਵ ਅੱਤਵਾਦ ਫੈਲਾਉਣ ਦਾ ਕੰਮ ਕਰ ਰਹੇ ਹਨ। ਉਸ ਨੇ ਚਿਤਾਵਨੀ ਦਿੱਤੀ ਕਿ ਅਲਟੀਮੇਟਮ ਨਾ ਮੰਨਣ 'ਤੇ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਹਨ। ਫਿਲਹਾਲ ਉਸ ਵੱਲੋਂ ਇਹ ਸਪਸ਼ਟ ਨਹੀਂ ਕੀਤਾ ਗਿਆ ਕਿ ਉਹ ਕਿਵੇਂ ਦੀ ਕਾਰਵਾਈ ਕਰੇਗਾ। ਗੁਰਪਤਵੰਤ ਸਿੰਘ ਪੰਨੂੰ ਨੇ ਵੀਡੀਓ ਵਿੱਚ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਅਤੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਵੀ ਨਿਸ਼ਾਨਾ ਸਾਧਿਆ। ਉਸ ਨੇ ਦੋਸ਼ ਲਗਾਇਆ ਕਿ ਡੀ. ਜੀ. ਪੀ. ਯਾਦਵ ਹਿੰਦੂ ਅੱਤਵਾਦ ਫੈਲਾਉਣ ਵਾਲਿਆਂ ਦਾ ਸਮਰਥਨ ਕਰ ਰਹੇ ਹਨ। ਉਸ ਨੇ ਸੀ. ਐੱਮ. ਭਗਵੰਤ ਮਾਨ ਨੂੰ ਚਿਤਾਵਨੀ ਵੀ ਦਿੱਤੀ ਕਿ ਉਹ ਆਪਣੀ ਪਾਰਟੀ ਨੂੰ ਉਸੇ ਤਰ੍ਹਾਂ ਤਬਾਹ ਕਰ ਦੇਣਗੇ ਜਿਵੇਂ ਕਾਂਗਰਸ ਅਤੇ ਭਾਜਪਾ ਪੰਜਾਬ ਵਿੱਚ ਕਰ ਚੁੱਕੀਆਂ ਹਨ।

## 'ਆਪ' ਵਿਧਾਇਕ ਰਮਨ ਅਰੋੜਾ ਨੂੰ ਵੱਡੀ ਰਾਹਤ , ਜਬਰਨ ਵਸੂਲੀ ਦੇ ਮਾਮਲੇ 'ਚ ਵੀ ਮਿਲੀ ਜ਼ਮਾਨਤ

**ਜਲੰਧਰ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਕੇਂਦਰੀ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਰਮਨ ਅਰੋੜਾ ਨੂੰ ਜਬਰਨ ਵਸੂਲੀ ਦੇ ਮਾਮਲੇ 'ਚ ਅਦਾਲਤ ਤੋਂ ਵੱਡੀ



ਰਾਹਤ ਮਿਲੀ ਹੈ। ਜਲੰਧਰ ਸੈਸ਼ਨ ਅਦਾਲਤ ਨੇ ਉਨ੍ਹਾਂ ਨੂੰ ਜ਼ਮਾਨਤ ਦੇ ਦਿੱਤੀ ਹੈ। ਰਮਨ ਅਰੋੜਾ ਦੇ



ਵਕੀਲ ਦਰਸ਼ਨ ਸਿੰਘ ਦਿਆਲ ਨੇ ਕਿਹਾ ਹੈ ਕਿ ਅਰੋੜਾ ਨੂੰ ਅੱਜ ਤੱਕ ਰਿਹਾਅ ਕਰ ਦਿੱਤਾ ਜਾਵੇਗਾ। ਅਦਾਲਤ ਨੇ ਅਰੋੜਾ ਨੂੰ 25,000 ਰੁਪਏ ਦਾ ਜ਼ਮਾਨਤੀ ਬਾਂਡ ਜਮ੍ਹਾ ਕਰਵਾਉਣ ਦਾ ਹੁਕਮ ਦਿੱਤਾ ਹੈ। ਰਮਨ ਅਰੋੜਾ ਦੇ ਰਿਮਾਂਡ ਦੀ ਮਿਆਦ ਪੂਰੀ ਹੋਣ ਤੋਂ ਬਾਅਦ ਉਸਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ, ਜਿੱਥੇ ਪੁਲਿਸ ਨੇ ਦਾਅਵਾ ਕੀਤਾ ਸੀ ਕਿ ਮਾਮਲੇ ਨਾਲ ਸਬੰਧਤ ਮਹੱਤਵਪੂਰਨ ਸਬੂਤ ਇਕੱਠੇ ਕਰ ਲਏ ਗਏ ਹਨ ਅਤੇ ਹੁਣ ਜੇਲ੍ਹ ਤੋਂ ਹੋਰ ਜਾਂਚ ਕੀਤੀ ਜਾ ਸਕਦੀ ਹੈ। ਅਦਾਲਤ ਨੇ ਉਸਨੂੰ 14 ਦਿਨਾਂ ਲਈ ਨਿਆਂਇਕ ਹਿਰਾਸਤ ਵਿੱਚ ਭੇਜਣ ਦਾ ਹੁਕਮ ਦਿੱਤਾ ਸੀ। ਅੱਜ ਦੀ ਸੁਣਵਾਈ ਵਿੱਚ ਅਦਾਲਤ ਨੇ ਸਾਰੀਆਂ ਧਿਰਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਅਰੋੜਾ ਨੂੰ ਜ਼ਮਾਨਤ ਦੇ ਦਿੱਤੀ। ਰਮਨ ਅਰੋੜਾ ਖ਼ਿਲਾਫ਼ ਥਾਣਾ ਰਾਮਾ ਮੰਡੀ ਵਿਖੇ ਇਕ ਰਮੇਸ਼ ਕੁਮਾਰ ਨਾਮ ਦੇ ਵਿਅਕਤੀ ਨੇ ਮਾਮਲਾ ਦਰਜ ਕਰਾਇਆ ਸੀ ਕਿ ਰਮਨ ਅਰੋੜਾ ਉਸ ਕੋਲੋਂ ਮਹੀਨਾ ਲੈਂਦਾ ਹੈ, ਇਸੇ ਤਰ੍ਹਾਂ ਇਕ ਰਜਿੰਦਰ ਕੁਮਾਰ ਵਿਅਕਤੀ ਜੋ ਕੀ ਲਾਟਰੀ ਦਾ ਕੰਮ ਕਰਦਾ ਸੀ ,ਉਸ ਨੇ ਵੀ ਅਰੋੜਾ ਖ਼ਿਲਾਫ਼ ਪੈਸੇ ਲੈਣ ਦੀ ਸ਼ਿਕਾਇਤ ਦਰਜ ਕਰਵਾਈ ਸੀ। ਇਸ ਮਾਮਲੇ ਵਿੱਚ ਪੀੜਤਾਂ ਦੀ ਸ਼ਿਕਾਇਤ 'ਤੇ ਪੁਲਿਸ ਨੇ ਸਬੂਤ ਇਕੱਠੇ ਕਰਨ ਤੋਂ ਬਾਅਦ ਵਿਧਾਇਕ ਨੂੰ ਹਿਰਾਸਤ ਵਿੱਚ ਲੈ ਲਿਆ ਸੀ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਰਮਨ ਅਰੋੜਾ ਅਤੇ ਏਟੀਪੀ ਸੁਖਦੇਵ ਵਸ਼ਿਸ਼ਟ ਨੂੰ ਜ਼ਮਾਨਤ ਮਿਲ ਚੁੱਕੀ ਸੀ। ਹਾਲਾਂਕਿ ਵਿਧਾਇਕ ਰਮਨ ਅਰੋੜਾ ਦੇ ਜੇਲ੍ਹ ਤੋਂ ਆਉਣ ਤੋਂ ਪਹਿਲਾਂ ਉਨ੍ਹਾਂ ਉੱਪਰ ਥਾਣਾ ਰਾਮਾਮੰਡੀ ਵਿਖੇ ਪਾਰਕਿੰਗ ਠੇਕੇਦਾਰ ਨੇ ਜ਼ਬਰਨ ਵਸੂਲੀ ਦੇ ਦੋਸ਼ ਲਗਾਏ ਸਨ, ਜਿਸ ਦੇ ਚੱਲਦਿਆਂ ਪੁਲਿਸ ਨੇ ਜ਼ਮਾਨਤ 'ਤੇ ਬਾਹਰ ਆਉਂਦਿਆਂ ਹੀ ਰਮਨ ਅਰੋੜਾ ਨੂੰ ਗ੍ਰਿਫ਼ਤਾਰ ਕਰ ਲਿਆ ਸੀ।

## ਗੁਰਦੁਆਰਿਆਂ ਵਿੱਚ ਭਰਾ ਮਾਰੂ ਝਗੜੇ ਸਿੱਖ ਕੌਮ ਲਈ ਘਾਤਕ : ਭਾਈ ਬਸੰਤ ਸਿੰਘ ਪੰਜਹੱਥਾਂ, ਫਰਾਂਸ

**ਲੰਡਨ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨੀਂ ਇੰਗਲੈਂਡ ਦੇ ਇੱਕ ਗੁਰਦੁਆਰੇ ਵਿੱਚ



ਹਫ਼ਤਾਵਾਰੀ ਸਮਾਗਮ ਦੌਰਾਨ ਪ੍ਰਬੰਧਕੀ ਮਸਲੇ ਨੂੰ ਲੈ ਕੇ ਕੁਝ ਵਿਅਕਤੀਆਂ ਵੱਲੋਂ ਹੰਗਾਮਾ ਖੜ੍ਹਾ ਕੀਤਾ ਗਿਆ। ਇਸ ਦੌਰਾਨ ਅਚਾਨਕ ਹੀ ਪੰਥਕ ਬੁਲਾਰੇ ਅਤੇ ਪੰਥ ਦਰਦੀ ਭਾਈ ਕਪਤਾਨ ਸਿੰਘ ਜੀ 'ਤੇ ਹਮਲਾ ਕਰ ਦਿੱਤਾ ਗਿਆ। ਹਮਲਾਵਰ ਕਾਫ਼ੀ ਗਿਣਤੀ ਵਿੱਚ ਸਨ ਅਤੇ ਹਮਲੇ ਕਾਰਨ ਭਾਈ ਕਪਤਾਨ ਸਿੰਘ ਜੀ ਨੂੰ ਕਈ ਸੱਟਾਂ ਵੀ ਲੱਗੀਆਂ। ਫਰਾਂਸ ਤੋਂ ਭਾਈ ਬਸੰਤ ਸਿੰਘ ਪੰਜਹੱਥਾਂ ਨੇ ਇਸ ਘਟਨਾ ਦੀ ਕੜੀ ਨਿੰਦਾ ਕੀਤੀ। ਉਹਨਾਂ ਕਿਹਾ, "ਇਹ ਇਕ ਘਿਨੌਣੀ ਹਰਕਤ ਹੈ ਜਿਸ



ਨਾਲ ਸਾਰੀ ਸਿੱਖ ਕੌਮ ਦਾ ਸਿਰ ਸ਼ਰਮ ਨਾਲ ਝੁਕ ਗਿਆ ਹੈ। ਆਪਸੀ ਭਰਾ ਮਾਰੂ ਲੜਾਈਆਂ ਸਾਨੂੰ ਕਦੇ ਵੀ ਮਦਦਗਾਰ ਨਹੀਂ ਹੋ ਸਕਦੀਆਂ, ਸਗੋਂ ਕੌਮ ਨੂੰ ਕਮਜ਼ੋਰ ਕਰਨ ਵਾਲੀਆਂ ਹਨ।" ਭਾਈ ਬਸੰਤ ਸਿੰਘ ਨੇ ਅੱਗੇ ਕਿਹਾ ਕਿ ਗੁਰੂਘਰਾਂ ਦੇ ਪ੍ਰਬੰਧ ਦੇ ਮਸਲੇ ਮਿਲ ਬੈਠ ਕੇ ਹੱਲ ਕਰਨੇ ਚਾਹੀਦੇ ਹਨ, ਨਾ ਕਿ ਹਿੰਸਾ ਰਾਹੀਂ। ਉਹਨਾਂ ਅਪੀਲ ਕੀਤੀ ਕਿ ਸਾਰੀ ਕੌਮ ਨੂੰ ਇਕਜੁੱਟ ਹੋ ਕੇ ਅਸਲ ਕੌਮੀ ਮਸਲੇ — ਧਾਰਮਿਕ, ਸਿਆਸੀ ਅਤੇ ਸਮਾਜਕ — ਉੱਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ। "ਗੁਰਦੁਆਰੇ ਸਾਡੇ ਲਈ ਸੇਵਾ ਅਤੇ ਇਕਤਾ ਦੇ ਕੇਂਦਰ ਹਨ, ਉਨ੍ਹਾਂ ਨੂੰ ਕਦੇ ਵੀ ਝਗੜਿਆਂ ਦਾ ਅਖਾੜਾ ਨਹੀਂ ਬਣਾਉਣਾ ਚਾਹੀਦਾ," ਭਾਈ ਬਸੰਤ ਸਿੰਘ ਨੇ ਕਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਇੰਗਲੈਂਡ ਵਿੱਚ ਭਾਈ ਕਪਤਾਨ ਸਿੰਘ ਜੀ 'ਤੇ ਹਮਲਾ - ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਵੱਲੋਂ ਸਖ਼ਤ ਨਿੰਦਾ



**ਅੰਮ੍ਰਿਤਸਰ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇੰਗਲੈਂਡ ਦੇ ਸ਼ਹਿਰ ਵੁਲਵਰਹੈਂਪਟਨ ਦੇ ਗੁਰਦੁਆਰਾ ਸੈਜਲੀ ਸਟ੍ਰੀਟ ਵਿੱਚ ਹੋਏ ਹਮਲੇ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਨੌਜਵਾਨ ਆਗੂ ਭਾਈ ਕਪਤਾਨ ਸਿੰਘ ਜੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਇਸ ਘਟਨਾ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਵੱਲੋਂ ਤਿੱਖੀ ਨਿੰਦਾ ਕੀਤੀ ਗਈ ਹੈ। ਮਿਲੀ ਜਾਣਕਾਰੀ ਮੁਤਾਬਕ, ਪਿਛਲੇ ਦਿਨੀਂ ਲਗਭਗ 15-20 ਵਿਅਕਤੀਆਂ ਨੇ ਭਾਈ ਕਪਤਾਨ ਸਿੰਘ ਉੱਤੇ ਜਾਨਲੇਵਾ ਹਮਲਾ ਕੀਤਾ। ਪੁਲਿਸ ਨੇ ਮੌਕੇ 'ਤੇ ਦਖ਼ਲਅੰਦਾਜ਼ੀ ਕਰਦੇ ਹੋਏ ਹਾਲਾਤ ਕਾਬੂ ਕੀਤੇ ਅਤੇ ਭਾਈ ਕਪਤਾਨ ਸਿੰਘ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ। ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਨੇ ਕਿਹਾ ਕਿ ਗੁਰੂ ਘਰ ਦੀ ਪਾਵਨ ਹਜੂਰੀ ਵਿੱਚ ਇਸ ਤਰ੍ਹਾਂ ਦੀ ਘਟਨਾ ਬਹੁਤ ਹੀ ਦੁਖਦਾਈ ਹੈ। ਉਨ੍ਹਾਂ ਕਿਹਾ: "ਦਰਜਨਾਂ ਲੋਕਾਂ ਵੱਲੋਂ ਨਿਹੱਥੇ, ਪੰਜ ਕਕਾਰਾਂ ਦੇ ਧਾਰਕ, ਅੰਮ੍ਰਿਤਧਾਰੀ ਸਿੱਖ 'ਤੇ ਹਮਲਾ ਕਰਨਾ ਨਾ ਸਿਰਫ ਗੁਰਦੁਆਰਾ ਸਾਹਿਬ ਦੀ ਮਰਿਆਦਾ ਦੀ ਉਲੰਘਣਾ ਹੈ, ਸਗੋਂ ਸਿੱਖ ਸਿਧਾਂਤਾਂ ਦੀ ਤੌਹੀਨ ਵੀ ਹੈ।" ਸਿੰਘ ਸਾਹਿਬ ਨੇ ਇਹ ਵੀ ਕਿਹਾ ਕਿ ਅਜਿਹੇ ਘਿਨੌਣੇ ਕਿਰਦਾਰਾਂ ਨਾਲ ਸਿੱਖ ਕੌਮ ਦੀ ਛਵੀ ਖ਼ਰਾਬ ਹੁੰਦੀ ਹੈ ਪਰ ਪੰਥਕ ਲੀਡਰਾਂ ਦੇ ਅਸਲ ਚਿਹਰੇ ਜਲਦੀ ਹੀ ਸੰਗਤ ਸਾਹਮਣੇ ਆ ਜਾਣਗੇ। ਇੰਗਲੈਂਡ ਦੀਆਂ ਕਈ ਸਿੱਖ ਸੰਗਤਾਂ ਵੱਲੋਂ ਭਾਈ ਕਪਤਾਨ ਸਿੰਘ ਨਾਲ ਹਮਦਰਦੀ ਜਤਾਈ ਗਈ ਹੈ ਅਤੇ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ ਹੈ। ਸਿੰਘ ਸਾਹਿਬ ਨੇ ਅੰਤ ਵਿੱਚ ਸਿੱਖ ਕੌਮ ਨੂੰ ਅਪੀਲ ਕੀਤੀ ਕਿ:"ਅਜਿਹੇ ਲੋਕਾਂ ਦੀਆਂ ਭ੍ਰਮਿਤ ਕਰਨ ਵਾਲੀਆਂ ਧਾਰਨਾਵਾਂ ਤੋਂ ਸਾਵਧਾਨ ਰਹੋ ਅਤੇ ਆਪਣੀ ਰਹਿਤ ਮਰਿਆਦਾ ਅਨੁਸਾਰ ਗੁਰੂ ਦੀ ਗੋਦ ਵਿੱਚ ਟਿਕੇ ਰਹਿਣਾ ਹੀ ਅਸਲ ਸਿੱਖੀ ਹੈ।"


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ
29ਵਾਂ
ਸਲਾਨਾ ਗੁਰਮਤਿ ਸਮਾਗਮ
ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ
ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।
ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।
1 ਨਵੰਬਰ 2025 ਦਿਨ ਸ਼ਨੀਵਾਰ ਨੂੰ
ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404
ਆਵਾਜ਼ਿ ਕੌਮ AWAZE QAUM International Newspaper & WEB TV








## ਆਵਾਜ਼ਿ ਕੌਮ

**Daily Newspaper from U.K.**

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America - +1(856)-473-8596
29 - 31 August Nanak Naam Jahaaj Gurdwara 1080 Westside Ave , Jersey City , NJ 07306
5&7 Septmber Mata GUJRI Sikh Society 11 Ellison Dr,cherry Hill,NJ08003
11 September Guru Nanak Sikh Heritage 29 wyekoff Mills Rd,Monroe ,NJ09931
12-14 September Philadelphia Sikh Society 6706 Garden CT Rd, Millbourne, PA19082
21 September Garden state Sikh Association 977 Washington Vally Rd ,Basking Ridge,NJ07920
26-28 September Guru Nanak Mission Gurdwara 138 Bauer Dr, Oakland,NJ08436
For More Information Contact-Bhai Karamjit Singh Ji Shant (201)694-1007
ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ




ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ



ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ (ਕੈਨੇਡਾ)



ਸ਼ਹੀਦ ਭਾਈ ਅਵਤਾਰ ਸਿੰਘ ਖੰਡਾ (ਇੰਗਲੈਂਡ)




ਜਲਾਵਤਨੀ ਸਵ. ਭਾਈ ਗਜਿੰਦਰ ਸਿੰਘ ਦਲ ਖਾਲਸਾ

ਸ਼ਹੀਦ ਭਾਈ ਜੱਥੇਦਾਰ ਤਲਵਿੰਦਰ ਸਿੰਘ ਬੱਬਰ, ਭਾਈ ਗਜਿੰਦਰ ਸਿੰਘ ਦਲ ਖ਼ਾਲਸਾ, ਹਰਦੀਪ ਸਿੰਘ ਨਿੱਜਰ, ਅਵਤਾਰ ਸਿੰਘ ਖੰਡਾ , ਭਾਈ ਹਰਬੰਸ ਸਿੰਘ ਜੋਸ਼ ਜੀ ਅਤੇ ਸਮੂਹ ਕੌਮੀ ਯੋਧਿਆਂ ਅਤੇ ਸ਼ਹੀਦਾਂ ਦੀ ਯਾਦ ਨੂੰ ਸਮੱਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ ਸਮੈਦਿਕ ਵਿਖੇ ਹੋਵੇਗਾ।

## 5 ਅਕਤੂਬਰ ਨੂੰ

ਦੁਪਿਹਰ ਇਕ ਵਜੇ ਤੋਂ 3 ਵਜੇ ਤੱਕ ਪੰਥ ਦੇ ਮਹਾਨ ਰਾਗੀ ਤੇ ਢਾਡੀ ਜੱਥਿਆਂ, ਢਾਡੀ ਜਥਾ ਜੱਥੇਦਾਰ ਹਰਮੇਲ ਸਿੰਘ ਦਿਲਬਰ, ਭਾਈ ਗੁਰਬਚਨ ਸਿੰਘ ਅਣਖੀ, ਭਾਈ ਇਕਬਾਲ ਸਿੰਘ ਜੀ ਦੇ ਜੱਥੇ ਵੱਲੋਂ ਆਪ ਜੀ ਨੂੰ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ ਜਾਵੇਗਾ।

**ਪੰਥਕ ਬੁਲਾਰੇ ਆਪ ਜੀ ਨੂੰ ਮਹਾਨ ਸ਼ਹੀਦਾਂ ਦੀ ਜੀਵਨੀ ਤੋਂ ਜਾਣੂ ਕਰਵਾਉਣਗੇ।**



ਸਵ. ਭਾਈ ਹਰਬੰਸ ਸਿੰਘ ਜੋਸ਼ ਢਾਡੀ

**ਜੱਥੇਦਾਰ ਹਰਮੇਲ ਸਿੰਘ ਦਿਲਬਰ ਅਤੇ ਦਲ ਖ਼ਾਲਸਾ ਵੱਲੋਂ ਬੇਨਤੀ ਹੈ ਕਿ ਪਰਿਵਾਰ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਜਰੂਰ ਪਹੁੰਚੋ ਜੀ।**

--✶ ਜਾਰੀ ਕਰਤਾ ✶--

## ਭਾਈ ਹਰਮੇਲ ਸਿੰਘ ਦਿਲਬਰ
## ਇੰਗਲੈਂਡ

ਸੁਖਜੀਤ ਸਿੰਘ ਖੋਸਾ ਵੱਲੋਂ

# ਸਿੰਘ ਸਾਹਿਬ ਭਾਈ ਜਗਤਾਰ ਸਿੰਘ ਹਵਾਰਾ ਨੂੰ ਜਲਦੀ ਪਰੋਲ ਦੇਣ ਦੀ ਮੰਗ



**ਅੰਮ੍ਰਿਤਸਰ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਥਕ ਆਗੂ ਸੁਖਜੀਤ ਸਿੰਘ ਖੋਸਾ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਧੰਨ ਹਨ ਉਹ ਮਾਵਾਂ ਜਿਨ੍ਹਾਂ ਨੇ ਸੂਰਮੇ ਪੁੱਤਰ ਜਣੇ ਹਨ। ਉਹ ਅੱਜ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸਿੰਘ ਸਾਹਿਬ ਭਾਈ ਜਗਤਾਰ ਸਿੰਘ ਹਵਾਰਾ ਜੀ ਦੇ ਗ੍ਰਹਿ ਵਿਖੇ ਪਹੁੰਚੇ ਤੇ ਉਨ੍ਹਾਂ ਦੀ ਸਤਿਕਾਰਯੋਗ ਮਾਤਾ ਬੀਬੀ ਨਰਿੰਦਰ ਕੌਰ ਜੀ ਦਾ ਹਾਲ-ਚਾਲ ਪੁੱਛਿਆ। ਖੋਸਾ ਨੇ ਦੱਸਿਆ ਕਿ ਭਾਈ ਜਗਤਾਰ ਸਿੰਘ ਹਵਾਰਾ ਜੀ ਲਗਭਗ ਚਾਰ ਸਾਲਾਂ ਬਾਅਦ ਆਪਣੇ ਗ੍ਰਹਿ ਹਵਾਰਾ ਪਹੁੰਚੇ ਹਨ, ਜਿਸ ਕਰਕੇ ਸੰਗਤਾਂ ਵਿੱਚ ਵਿਸ਼ੇਸ਼ ਭਾਵਨਾਵਾਂ ਰਹੀਆਂ। ਉਨ੍ਹਾਂ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਨੂੰ ਮਾਤਾ ਜੀ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ, ਸਿੰਘ ਸਾਹਿਬ ਭਾਈ ਜਗਤਾਰ ਸਿੰਘ ਹਵਾਰਾ ਨੂੰ ਜਲਦੀ ਤੋਂ ਜਲਦੀ ਪਰੋਲ ਦਿੱਤੀ ਜਾਣੀ ਬਹੁਤ ਜ਼ਰੂਰੀ ਹੈ, ਤਾਂ ਜੋ ਮਾਂ-ਪੁੱਤ ਜੀਉਂਦੇ ਜੀ ਇੱਕ ਦੂਜੇ ਨੂੰ ਮਿਲ ਸਕਣ। ਅੰਤ ਵਿੱਚ ਖੋਸਾ ਨੇ ਅਪੀਲ ਕੀਤੀ ਕਿ: "ਆਓ ਸਾਰੇ ਗੁਰੂ ਸਾਹਿਬ ਅੱਗੇ ਅਰਦਾਸ ਕਰੀਏ ਕਿ ਮਾਤਾ ਜੀ ਜਲਦੀ ਤੰਦਰੁਸਤ ਹੋਣ ਅਤੇ ਸਿੰਘ ਸਾਹਿਬ ਭਾਈ ਜਗਤਾਰ ਸਿੰਘ ਹਵਾਰਾ ਨੂੰ ਜਲਦੀ ਤੋਂ ਜਲਦੀ ਪਰੋਲ ਮਿਲੇ।"

ਆਵਾਜ਼ਿ ਕੌਮ AWAZE QAUM International Newspaper & WEB TV

23 ਸਤੰਬਰ ਬਰਸੀ 'ਤੇ ਵਿਸ਼ੇਸ਼

# ਸਿਰਮੌਰ ਢਾਡੀ, ਪ੍ਰਚਾਰਕ ਤੇ ਸਫ਼ਲ ਲੇਖਕ ਗਿਆਨੀ ਸੋਹਣ ਸਿੰਘ ਸੀਤਲ ਨੂੰ ਯਾਦ ਕਰਦਿਆਂ



ਗਿਆਨੀ ਸੋਹਣ ਸਿੰਘ ਸੀਤਲ

**ਗੁਰੂ ਸਾਹਿਬਾਨ** ਦੇ ਸਮੇਂ ਤੋਂ ਲੈ ਕੇ ਵਰਤਮਾਨ ਸਮੇਂ ਤੱਕ ਗੁਰੂ-ਘਰਾਂ ਵਿੱਚ ਅਨੇਕਾਂ ਸਮਰਪਿਤ ਢਾਡੀਆਂ ਨੇ ਲਾਸਾਨੀ ਗੁਰ-ਇਤਿਹਾਸ ਅਤੇ ਸਿੱਖ ਇਤਿਹਾਸ ਨੂੰ ਵਾਰਾਂ ਦੇ ਰੂਪ ਵਿੱਚ ਲਿਖਿਆ ਤੇ ਗਾਇਆ, ਇਨ੍ਹਾਂ ਇਤਿਹਾਸਕ ਕਿਰਤਾਂ ਨੂੰ ਵਾਚਿਆ, ਸਰਵਣ ਕੀਤਾ ਅਤੇ ਮਾਣ-ਵੱਡਿਆਈ ਵੀ ਰੱਜ ਕੇ ਕੀਤੀ ਹੈ । ਪਰ ਅਜੋਕੇ ਸਮੇਂ ਵੀਹਵੀਂ ਸਦੀ ਵਿੱਚ ਪ੍ਰਵਾਨ ਚੜ੍ਹੇ ਪ੍ਰਤਿਭਾਵਾਨ ਢਾਡੀ ਗਿਆਨੀ ਸੋਹਣ ਸਿੰਘ ਸੀਤਲ ਨੇ ਅਕਾਲ ਪੁਰਖ ਵਾਹਿਗੁਰੂ ਵੱਲੋਂ ਬਖ਼ਸ਼ੀ ਗੁਰੂ ਕ੍ਰਿਪਾ ਦੀ ਨਦਰ ਨਾਲ ਗੁਰ-ਇਤਿਹਾਸ ਅਤੇ ਸਿੱਖ ਇਤਿਹਾਸ ਦਾ ਡੂੰਘਾ ਅਧਿਐਨ ਕਰਕੇ ਵਿਸਮਾਦੀ ਕਾਵਿ-ਇਤਿਹਾਸ ਦੀ ਪੁਨਰ ਸਿਰਜਣਾ ਕਰਕੇ ਜਿਹੜਾ ਮਾਣ ਪ੍ਰਾਪਤ ਕੀਤਾ, ਉਹ ਵਿਰਲੇ ਗੁਰਸਿੱਖ ਲੇਖਕਾਂ ਦੇ ਹਿੱਸੇ ਆਇਆ ਹੈ । ਸਿਰਮੌਰ ਢਾਡੀ, ਪ੍ਰਚਾਰਕ ਤੇ ਸਫ਼ਲ ਲੇਖਕ ਹੋਣਾ ਵੀ ਕੇਵਲ ਗਿਆਨੀ ਸੋਹਣ ਸਿੰਘ ਸੀਤਲ ਦੇ ਹਿੱਸੇ ਹੀ ਆਇਆ ਹੈ । ਢਾਡੀ ਗਿਆਨੀ ਸੋਹਣ ਸਿੰਘ ਸੀਤਲ ਨੇ ਇਕ ਨਿਸ਼ਠਾਵਾਨ ਸਿਦਕੀ ਸਿੱਖ ਦੀ ਤਰ੍ਹਾਂ ਪੂਰਨ ਸਮਰਪਨ ਸਹਿਤ ਇਸ ਮਹਾਨ ਕਾਰਜ ਨੂੰ ਲੰਮੇ ਅਰਸੇ ਤੱਕ ਨਿਭਾ ਕੇ ਸਿੱਖ ਪੰਥ ਵਿੱਚ ਆਪਣੀ ਸਦੀਵੀ ਤੇ ਚਿਰ-ਸਥਾਈ ਥਾਂ ਬਣਾਈ ।

ਗਿਆਨੀ ਸੋਹਣ ਸਿੰਘ ਸੀਤਲ ਦਾ ਜਨਮ 7 ਅਗਸਤ, 1909 ਈ: ਨੂੰ ਪਿਤਾ ਸ: ਖੁਸ਼ਹਾਲ ਸਿੰਘ ਅਤੇ ਮਾਤਾ ਦਿਆਲ ਕੌਰ ਦੀ ਕੁੱਖ ਤੋਂ ਕਾਦੀਵਿੰਡ (ਲਾਹੌਰ) ਵਿਖੇ ਹੋਇਆ । ਸੀਤਲ ਜੀ ਨੇ ਪੰਜਾਬ ਯੂਨੀਵਰਸਿਟੀ ਲਾਹੌਰ ਤੋਂ ਮੈਟ੍ਰਿਕ ਤੇ ਗਿਆਨੀ ਦਾ ਇਮਤਿਹਾਨ ਪਾਸ ਕੀਤਾ । ਇਹ ਉਹ ਸਮਾਂ ਸੀ ਜਦੋਂ ਸਿੰਘ ਸਭਾ ਲਾਹੌਰ ਅਤੇ ਅਕਾਲੀ ਲਹਿਰ ਗੁਰਮਤਿ ਪ੍ਰਚਾਰ ਨਾਲ ਸਿੱਖ ਸੰਗਤ ਨੂੰ ਪ੍ਰਭਾਵਿਤ ਕਰ ਰਹੀਆਂ ਸਨ । ਗਿ: ਸੋਹਣ ਸਿੰਘ ਸੀਤਲ ਬਚਪਨ ਤੋਂ ਚੇਤੰਨ ਤੇ ਬਿਬੇਕ-ਬੁੱਧੀ ਵਾਲਾ ਇਨਸਾਨ ਸੀ, ਉਸ ਸਮੇਂ ਪਿੰਡ-ਪਿੰਡ ਸਜਣ ਵਾਲੇ ਦੀਵਾਨਾਂ ਵਿੱਚ ਸਿੱਖ ਇਤਿਹਾਸ ਸਬੰਧੀ ਢਾਡੀਆਂ ਵੱਲੋਂ ਗਾਈਆਂ ਜੋਸ਼ੀਲੀਆਂ ਵਾਰਾਂ ਸ਼ਹੀਦਾਂ ਅਤੇ ਸਿੱਖ ਸੂਰਵੀਰਾਂ ਦੀਆਂ ਜੀਵਨ-ਘਟਨਾਵਾਂ ਨੇ ਇਸ ਨੌਜਵਾਨ ਨੂੰ ਇਸ ਤਰ੍ਹਾਂ ਕੀਲਿਆ ਕਿ ਉਸ ਨੇ ਤਾਅ ਜੀਵਨ ਗੁਰਬਾਣੀ ਅਤੇ ਸਿੱਖ ਇਤਿਹਾਸ ਵਿੱਚ ਜੀਊਣ ਅਤੇ ਹੰਢਾਉਣ ਦਾ ਮਨ ਬਣਾ ਲਿਆ । ਵਾਰਾਂ ਸੁਣਦਿਆਂ ਹੀ ਵਾਰਾਂ ਲਿਖਣ ਦਾ ਕਾਰਜ ਆਰੰਭ ਕਰ ਦਿੱਤਾ । ਪਿੰਡ ਲਲਿਆਣੀ ਦੇ ਭਰਾਈ ਚਿਰਾਗ ਦੀਨ ਨੂੰ ਉਸਤਾਦ ਧਾਰ ਲਿਆ । ਸੀਤਲ ਜੀ ਆਪਣੇ ਉੱਚ ਆਤਮਿਕ ਜੀਵਨ ਦੌਰਾਨ ਸਿਦਕ, ਭਰੋਸਾ, ਸਿਰੜ, ਲਗਨ ਨੂੰ ਹਮੇਸ਼ਾ ਪੱਲੇ ਬੰਨ੍ਹ ਕੇ ਚੱਲੇ । ਆਪ ਨੇ ਸੰਸਾਰ ਦੇ ਦੂਜੇ ਸਾਰੇ ਧਰਮਾਂ ਦਾ ਵੀ ਡੂੰਘਾ ਅਧਿਐਨ ਕੀਤਾ । ਸੀਤਲ ਜੀ ਕਹਿਣੀ, ਕਰਨੀ ਤੇ ਕਥਨੀ ਦੇ ਸੂਰੇ ਸਨ । ਗਿਆਨੀ ਜੀ ਪੰਜਾਬੀ, ਉਰਦੂ-ਫਾਰਸੀ, ਅੰਗ੍ਰੇਜ਼ੀ ਅਤੇ ਸੰਸਕ੍ਰਿਤ ਦੇ ਵਿਦਵਾਨ ਸਨ ।

ਉਨ੍ਹਾਂ ਦਾ ਵਿਸ਼ਵਾਸ਼ ਸੀ ਕਿ ਜੇ ਤੁਸੀਂ ਆਪਣੇ ਧਰਮ ਦੀ ਗੱਲ ਪੁਰਜ਼ੋਰ ਸ਼ਬਦਾਂ ਵਿੱਚ ਪੇਸ਼ ਕਰਨੀ ਚਾਹੁੰਦੇ ਹੋ ਤਾਂ ਤੁਹਾਨੂੰ ਦੂਜੇ ਧਰਮਾਂ ਦਾ ਵੀ ਸੰਪੂਰਨ ਗਿਆਨ ਹੋਣਾ ਚਾਹੀਦਾ ਹੈ । ਦੁਨਿਆਵੀ ਲੋਕਾਂ ਤੋਂ ਉਲਟ ਗਿਆਨੀ ਸੋਹਣ ਸਿੰਘ ਸੀਤਲ ਵਹਿਮਾਂ-ਭਰਮਾਂ ਅਤੇ ਪਾਖੰਡਾਂ ਤੋਂ ਹਮੇਸ਼ਾਂ ਦੂਰ ਰਹਿੰਦੇ ਸਨ । ਰੋਮ-ਰੋਮ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਗੁਰੂ ਪੰਥ ਪ੍ਰਤੀ ਸਮਰਪਿਤ ਹੋ ਕੇ ਜੀਵਨ ਸਫ਼ਰ ਤੈਅ ਕੀਤਾ । ਸਫਲ ਲੇਖਕ ਤੇ ਸਾਹਿਤਕਾਰ ਵਜੋਂ ਗਿਆਨੀ ਸੀਤਲ ਵੱਲੋਂ ਲਿਖੀਆਂ ਅਤੇ ਗਾਈਆਂ ਵਾਰਾਂ ਦੀਆਂ 18 ਪੁਸਤਕਾਂ ਮਿਲਦੀਆਂ ਹਨ । ਇਕ ਇਤਿਹਾਸਕਾਰ ਵਜੋਂ ਉਨ੍ਹਾਂ ਦੀਆਂ ਰਚਨਾਵਾਂ ਵਿੱਚ ਸਿੱਖ ਰਾਜ ਕਿਵੇਂ ਗਿਆ, ਦੁਖੀਏ ਮਾਂ ਪੁੱਤ, ਬੰਦਾ ਸਿੰਘ ਸ਼ਹੀਦ, ਸਿੱਖ ਰਾਜ ਕਿਵੇਂ ਬਣਿਆ ਸਮੇਤ ਨੌਂ ਪੁਸਤਕਾਂ ਹਨ । ਬੱਚਿਆਂ ਨੂੰ ਇਤਿਹਾਸ ਦੀ ਜਾਣਕਾਰੀ ਦੇਣ ਲਈ ਵੀ ਤਿੰਨ ਪੁਸਤਕਾਂ ਲਿਖੀਆਂ । ਸਿੱਖ ਇਤਿਹਾਸ ਦਾ ਸਭ ਤੋਂ ਵੱਧ ਖੋਜ-ਭਰਪੂਰ ਕੰਮ ਸਿੱਖ ਇਤਿਹਾਸ ਦੇ ਸੋਮੇਂ ਪੰਜ ਜਿਲਦਾਂ ਵਿੱਚ ਪ੍ਰਕਾਸ਼ਿਤ ਕੀਤਾ । ਕਵੀ ਤੇ ਗੀਤਕਾਰ ਵਜੋਂ ਵਹਿੰਦੇ ਹੰਝੂ, ਸੱਜਰੇ ਹੰਝੂ ਤੇ ਦਿਲ ਦਰਿਆ ਕਵਿਤਾ ਦੀਆਂ ਪੁਸਤਕਾਂ ਅਤੇ ਦੋ ਪੁਸਤਕਾਂ ਕੇਸਰੀ ਦੁਪੱਟਾ ਅਤੇ ਜਦੋਂ ਮੈਂ ਲਿਖਦਾ ਹਾਂ, ਗੀਤਾਂ ਦੀਆਂ ਪੁਸਤਕਾਂ ਮਿਲਦੀਆਂ ਹਨ । ਤਿੰਨ ਕਹਾਣੀ ਦੀਆਂ ਪੁਸਤਕਾਂ ਤੋਂ ਇਲਾਵਾ ਡੇਢ ਦਰਜਨ ਨਾਵਲ ਵੀ ਪੰਜਾਬੀ ਸਾਹਿਤ ਨੂੰ ਦਿੱਤੇ । ਦੋ ਇਤਿਹਾਸਕ ਨਾਵਲ ਮਹਾਰਾਣੀ ਜਿੰਦਾ ਅਤੇ ਮਹਾਰਾਜਾ ਦਲੀਪ ਸਿੰਘ ਵੀ ਪੰਜਾਬੀ ਸਾਹਿਤ ਦੀ ਝੋਲੀ ਵਿੱਚ ਪਾਏ । ਗਿਆਨੀ ਸੋਹਣ ਸਿੰਘ ਸੀਤਲ ਦੇ ਨਾਵਲ ਜੁੱਗ ਬਦਲ ਗਿਆ ਨੂੰ ਸਾਹਿਤ ਅਕਾਦਮੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ । ਇਸ ਤੋਂ ਇਲਾਵਾ ਸੀਤਲ ਜੀ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼੍ਰੋਮਣੀ ਢਾਡੀ ਦਾ ਸਨਮਾਨ ਅਤੇ ਪੰਜਾਬ ਸਰਕਾਰ ਵੱਲੋਂ ਵੀ ਸ਼੍ਰੋਮਣੀ ਢਾਡੀ ਤੇ ਸ਼੍ਰੋਮਣੀ ਸਾਹਿਤਕਾਰ ਵਜੋਂ ਵੀ ਸਨਮਾਨਿਆ ਗਿਆ । 23 ਸਤੰਬਰ, 1998 ਨੂੰ ਇਹ ਮਹਾਨ ਇਨਸਾਨ ਤੇ ਗੁਰਸਿੱਖ ਸਾਹਿਤਕਾਰ ਇਸ ਸੰਸਾਰ ਨੂੰ ਹਮੇਸ਼ਾਂ ਲਈ ਅਲਵਿਦਾ ਆਖ ਕੇ ਸਦੀਵੀ ਨੀਂਦ ਸੌਂ ਗਿਆ । ਗਿਆਨੀ ਸੋਹਣ ਸਿੰਘ ਸੀਤਲ ਦੀ ਆਪਣੀ ਰਚਨਾ ਦੀਆਂ ਸਤਰਾਂ ਨੇ-

**ਸੀਤਲ ਉਹ ਸਦਾ ਜਹਾਨ 'ਤੇ ਜੀਂਵਦਾ ਏ,**
**ਜੀਹਦਾ ਮਰਗਿਆਂ ਦੇ ਪਿੱਛੋਂ ਜੱਸ ਹੋਵੈ।**




-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040


ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਚੱਠੇਵਾਲਾ ਦੇ ਪੇਂਡੂ ਖੋ-ਖੋ ਟੂਰਨਾਮੈਂਟ ਵਿੱਚ ਹੋਏ ਸਖਤ ਮੁਕਾਬਲੇ



**ਤਲਵੰਡੀ ਸਾਬੋ, 22 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਪਿੰਡ ਚੱਠੇਵਾਲਾ ਦੇ ਸਰਕਾਰੀ ਹਾਈ ਸਕੂਲ ਦੇ ਖੇਡ ਮੈਦਾਨ ਵਿੱਚ ਮੁੰਡੇ ਕੁੜੀਆਂ ਦਾ ਇੱਕ ਰੋਜ਼ਾ ਓਪਨ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿੱਚ ਮੁੰਡੇ ਕੁੜੀਆਂ ਦੀਆਂ 15 ਟੀਮਾਂ ਨੇ ਹਿੱਸਾ ਲਿਆ। ਇਸ ਟੂਰਨਾਮੈਂਟ ਦਾ ਸਾਰਾ ਪ੍ਰਬੰਧ ਖੋ-ਖੋ ਦੇ ਪੁਰਾਣੇ ਮੁੰਡੇ/ਕੁੜੀਆਂ ਖਿਡਾਰੀਆਂ ਨੇ ਰਲ ਮਿਲ ਕੇ ਸਾਂਝੇ ਰੂਪ ਵਿੱਚ ਕੀਤਾ ਸਮੁੱਚੇ ਪਿੰਡ ਦੇ ਸਹਿਯੋਗ ਸਦਕਾ ਇਹ ਟੂਰਨਾਮੈਂਟ ਇੱਕ ਵੱਡੇ ਖੇਡ ਮੇਲਾ ਦਾ ਰੂਪ ਧਾਰਨ ਕਰ ਗਿਆ। ਇਸ ਸਮੇਂ ਬਹੁਤ ਹੀ ਰੌਚਕ ਮੁਕਾਬਲੇ ਦੇਖਣ ਨੂੰ ਮਿਲੇ। ਇਸ ਵਿੱਚ ਚੱਠੇਵਾਲਾ, ਕੋਟਸ਼ਮੀਰ, ਬੁਰਜ ਸੇਮਾ, ਮਾਹੀਨੰਗਲ, ਲਹਿਰਾ ਬੇਗਾ, ਜੱਜਲ, ਭਾਗੀਵਾਂਦਰ, ਬਲਾੜੇ ਵਾਲਾ, ਤੁੰਗਵਾਲੀ ਅਤੇ ਮਲਕਾਣਾ ਦੀਆਂ ਮੁੰਡੇ ਕੁੜੀਆਂ ਦੀਆਂ ਟੀਮਾਂ ਨੇ ਹਿੱਸਾ ਲਿਆ। ਮੁੰਡਿਆਂ ਦੀ ਮੁਕਾਬਲਿਆਂ ਵਿੱਚੋਂ ਚੱਠੇਵਾਲਾ ਨੇ ਪਹਿਲਾ ਸਥਾਨ ਅਤੇ ਜੱਜਲ ਨੇ ਦੂਸਰਾ ਸਥਾਨ, ਕੁੜੀਆਂ ਦੇ ਮੁਕਾਬਲਿਆਂ ਵਿੱਚ ਚੱਠੇਵਾਲਾ ਨੇ ਪਹਿਲਾ ਅਤੇ ਮਲਕਾਣਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਪਹਿਲੇ ਅਤੇ ਦੂਜੇ ਸਥਾਨ 'ਤੇ ਆਉਣ ਵਾਲੀਆਂ ਟੀਮਾਂ ਨੂੰ ਨਗਦ ਇਨਾਮ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਖੇਡ ਮੇਲੇ ਦੀ ਖ਼ਾਸੀਅਤ ਇਹ ਰਹੀ ਕਿ ਖੇਡ ਮੇਲੇ ਵਿੱਚ ਹਿੱਸਾ ਲੈਣ ਵਾਲੇ ਹਰ ਖਿਡਾਰੀ ਨੂੰ ਹੌਸਲਾ ਵਧਾਊ ਇਨਾਮ ਦਿੱਤੇ ਗਏ। ਟੂਰਨਾਮੈਂਟ ਦੌਰਾਨ ਚਾਹ ਪਾਣੀ ਅਤੇ ਰਿਫਰੈਸ਼ਮੈਂਟ ਦੇ ਬਹੁਤ ਵਧੀਆ ਪ੍ਰਬੰਧ ਕੀਤੇ ਗਏ। ਟੂਰਨਾਮੈਂਟ ਨੂੰ ਸਫਲ ਬਣਾਉਣ ਲਈ ਜਸਕਰਨ ਸਿੰਘ, ਲਭਪ੍ਰੀਤ ਸਿੰਘ, ਤਰਸੇਮ ਸਿੰਘ, ਨੂਰਦੀਨ ਮੰਗਾ, ਨਿਰਮਲ ਸਿੰਘ, ਜਸ਼ਨਦੀਪ ਕੌਰ, ਛਵਨੀਤ ਕੌਰ ਦਾ ਬਹੁਤ ਵੱਡਾ ਯੋਗਦਾਨ ਰਿਹਾ। ਟੂਰਨਾਮੈਂਟ ਦੀ ਸਫਲਤਾ ਨੂੰ ਦੇਖਦਿਆਂ ਹਰ ਸਾਲ ਇਹ ਟੂਰਨਾਮੈਂਟ ਕਰਵਾਉਣ ਦਾ ਵਾਅਦਾ ਕੀਤਾ। ਟੂਰਨਾਮੈਂਟ ਦੇ ਅੰਤ ਵਿੱਚ ਗੁਰਜੰਟ ਸਿੰਘ ਸਿੰਘ ਡੀਪੀਈ ਸਰਕਾਰੀ ਹਾਈ ਸਕੂਲ ਚੱਠੇਵਾਲਾ ਨੇ ਪਹੁੰਚੇ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸੁਨਾਮ ਵਿਖੇ ਬਣ ਰਹੇ ਨਵੇਂ ਤਹਿਸੀਲ ਕੰਪਲੈਕਸ, ਬੱਸ ਸਟੈਂਡ, ਸਕੂਲ, ਇਨਡੋਰ ਸਪੋਰਟਸ ਕੰਪਲੈਕਸ ਅਤੇ ਸ਼ਹੀਦ ਊਧਮ ਸਿੰਘ ਕਾਲਜ ਦੇ ਵੱਖ-ਵੱਖ ਵਿਕਾਸ ਕਾਰਜਾਂ ਦਾ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਲਿਆ ਜਾਇਜ਼ਾ

## ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਵਿੱਚ ਵਿਕਾਸ ਕਾਰਜਾਂ 'ਤੇ ਖਰਚੇ ਜਾ ਰਹੇ ਨੇ ਕਰੀਬ 20.78 ਕਰੋੜ ਰੁਪਏ ਅਤੇ ਇਨਡੋਰ ਸਪੋਰਟਸ ਕੰਪਲੈਕਸ 'ਤੇ ਕਰੀਬ 18.95 ਕਰੋੜ ਰੁਪਏ



**ਸੁਨਾਮ, 22 ਸਤੰਬਰ ( ਰਣਜੀਤ ਸਿੰਘ ਪੇਧਨੀ)**-ਸ਼ਹੀਦ ਊਧਮ ਸਿੰਘ ਦੀ ਧਰਤੀ, ਸੁਨਾਮ ਊਧਮ ਸਿੰਘ ਵਾਲਾ ਨੂੰ ਅਤਿ ਆਧੁਨਿਕ ਸ਼ਹਿਰਾਂ ਦੀ ਗਿਣਤੀ ਵਿੱਚ ਸ਼ੁਮਾਰ ਕਰਨ ਲਈ ਪੰਜਾਬ ਸਰਕਾਰ ਵੱਲੋਂ ਦਿਨ-ਰਾਤ ਇੱਕ ਕਰ ਕੇ ਕੰਮ ਕੀਤਾ ਕੀਤਾ ਜਾ ਰਿਹਾ ਹੈ ਤੇ ਸੁਨਾਮ ਸ਼ਹਿਰ ਵਿੱਚ ਕਰੀਬ 85 ਕਰੋੜ ਰੁਪਏ ਦੀ ਲਾਗਤ ਨਾਲ ਵੱਖੋ-ਵੱਖ ਵਿਕਾਸ ਕਾਰਜਾਂ ਸਬੰਧੀ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਇਹਨਾਂ ਪ੍ਰੋਜੈਕਟਾਂ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲੈਣ ਮੌਕੇ ਕੀਤਾ। ਸ਼੍ਰੀ ਅਰੋੜਾ ਨੇ ਦੱਸਿਆ ਕਿ ਇਨ੍ਹਾਂ ਵਿਕਾਸ ਪ੍ਰੋਜੈਕਟਾਂ ਵਿੱਚ 15.32 ਕਰੋੜ ਰੁਪਏ ਦੀ ਲਾਗਤ ਨਾਲ ਤਹਿਸੀਲ ਕੰਪਲੈਕਸ ਦਾ ਅਪਗ੍ਰੇਡੇਸ਼ਨ ਪ੍ਰੋਜੈਕਟ ਸ਼ਾਮਲ ਹੈ। ਨਵੇਂ ਕੰਪਲੈਕਸ ਵਿੱਚ ਐਸ.ਡੀ.ਐਮ. ਦਫ਼ਤਰ, ਸਬ-ਰਜਿਸਟਰਾਰ ਦਫ਼ਤਰ, ਤਹਿਸੀਲਦਾਰ ਦਫ਼ਤਰ, ਖਜ਼ਾਨਾ ਦਫ਼ਤਰ, ਖੁਰਾਕ ਸਪਲਾਈ ਦਫ਼ਤਰ, ਟੈਕਸ ਦਫ਼ਤਰ, ਸਹਿਕਾਰੀ ਸਭਾ ਦਫ਼ਤਰ ਅਤੇ ਹੋਰ ਵਿਭਗਾਂ ਸਮੇਤ ਕੁਲ 11 ਵਿਭਾਗਾਂ ਦੇ ਦਫਤਰ ਹੋਣਗੇ, ਜਿਸ ਨਾਲ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ। ਇਹ ਕੰਪਲੈਕਸ ਪੰਜਾਬ ਦਾ ਪਹਿਲਾ ਅਜਿਹਾ ਤਹਿਸੀਲ ਕੰਪਲੈਕਸ ਹੋਵੇਗਾ, ਜਿਸ ਵਿੱਚ 11 ਵਿਭਾਗਾਂ ਦੇ ਦਫਤਰ ਹੋਣਗੇ। ਇਹ ਪ੍ਰਾਜੈਕਟ ਲੋਕਾਂ ਨੂੰ ਸਮਾਂਬੱਧ ਢੰਗ ਨਾਲ ਨਾਗਰਿਕ ਕੇਂਦਰਿਤ ਸੇਵਾਵਾਂ ਪ੍ਰਦਾਨ ਕਰ ਕੇ ਬਹੁਤ ਲਾਭ ਪਹੁੰਚਾਏਗਾ ਅਤੇ ਨਾਲ ਹੀ ਇਹ ਲੋਕਾਂ ਨੂੰ ਆਪਣੇ ਨੇੜੇ ਪ੍ਰਸ਼ਾਸਕੀ ਸੇਵਾਵਾਂ ਹਾਸਲ ਕਰਨ ਦੀ ਸਹੂਲਤ ਦੇਵੇਗਾ, ਜਿਸ ਨਾਲ ਉਨ੍ਹਾਂ ਦਾ ਸਮਾਂ, ਪੈਸੇ ਅਤੇ ਊਰਜਾ ਬਚੇਗੀ। ਇਸੇ ਤਰ੍ਹਾਂ ਉਨ੍ਹਾਂ ਨੇ ਸੁਨਾਮ ਵਿੱਚ 13.64 ਕਰੋੜ ਰੁਪਏ ਦੀ ਲਾਗਤ ਨਾਲ ਬਣ ਰਹੇ ਨਵੇਂ ਬੱਸ ਸਟੈਂਡ ਦੇ ਪ੍ਰੋਜੈਕਟ ਦੀ ਸਮੀਖਿਆ ਕੀਤੀ। ਇਸ ਪ੍ਰਾਜੈਕਟ ਤਹਿਤ ਬੱਸ ਸਟੈਂਡ ਵਿੱਚ ਬੱਸ ਕਾਊਂਟਰਾਂ ਦੇ ਨਾਲ ਨਾਲ ਇੱਕ ਸ਼ਾਪਿੰਗ ਕੰਪਲੈਕਸ ਵੀ ਸ਼ਾਮਲ ਹੋਵੇਗਾ। ਸੁਨਾਮ ਵਿਖੇ ਕਰੀਬ 08.20 ਕਰੋੜ ਰੁਪਏ ਦੀ ਲਾਗਤ ਨਾਲ ਕੁੜੀਆਂ ਦੇ ਨਵੇਂ ਬਣਨ ਵਾਲੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰੋਜੈਕਟ ਦੀ ਵੀ ਸ਼੍ਰੀ ਅਰੋੜਾ ਨੇ ਸਮੀਖਿਆ ਕੀਤੀ। ਸੁਨਾਮ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ 18.95 ਕਰੋੜ ਰੁਪਏ ਦੀ ਲਾਗਤ ਨਾਲ ਇਨਡੋਰ ਸਪੋਰਟਸ ਕੰਪਲੈਕਸ ਬਣਾਉਣ ਬਾਬਤ ਕਾਰਵਾਈ ਜਾਰੀ ਹੈ। ਇਸ ਕੰਪਲੈਕਸ ਵਿੱਚ ਸਿੰਥੈਟਿਕ ਟਰੈਕ, ਬੈਡਮਿੰਟਨ, ਬਾਕਸਿੰਗ, ਜੂਡੋ, ਕੁਸ਼ਤੀ, ਬਾਸਕਟਬਾਲ, ਵਾਲੀਬਾਲ ਅਤੇ ਤਾਈਕਵਾਂਡੋ ਦੀਆਂ ਸਹੂਲਤਾਂ ਹੋਣਗੀਆਂ। ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਵਿੱਚ ਵਿਕਾਸ ਕਾਰਜਾਂ ਤਹਿਤ ਐਸਟ੍ਰੋ ਟਰਫ, ਹਾਕੀ ਗਰਾਊਂਡ, ਲੈਕਚਰ ਹਾਲ, ਲਾਇਬ੍ਰੇਰੀ, ਪ੍ਰਬੰਧਕੀ ਬਲਾਕ ਅਤੇ ਹੋਰ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਇਸ ਪ੍ਰਾਜੈਕਟ ਦੀ ਕੁੱਲ ਲਾਗਤ 20.78 ਕਰੋੜ ਰੁਪਏ ਹੈ। ਇਸ ਤੋਂ ਇਲਾਵਾ ਸੁਨਾਮ ਸ਼ਹਿਰ ਵਿੱਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਲਈ 8.49 ਕਰੋੜ ਰੁਪਏ ਦੇ ਪ੍ਰਾਜੈਕਟਾਂ ਸਬੰਧੀ ਵੀ ਕੰਮ ਜਾਰੀ ਹੈ। ਇਸ ਮੌਕੇ ਕੈਬਨਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਇਹਨਾਂ ਪ੍ਰੋਜੈਕਟਾਂ ਸਬੰਧੀ ਕੰਮ ਤੈਅ ਸਮੇਂ ਵਿੱਚ ਪੂਰੇ ਕੀਤੇ ਜਾਣ। ਉਹਨਾਂ ਕਿਹਾ ਕਿ ਕੰਮ ਦੀ ਗੁਣਵੱਤਾ ਸਬੰਧੀ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸ਼੍ਰੀ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਸੁਨਾਮ ਦੇ ਵਿਕਾਸ ਲਈ ਬਚਨਵੱਧ ਹੈ, ਜਿੰਨਾ ਕੰਮ ਪਿਛਲੇ ਤਿੰਨ ਸਾਲਾਂ ਵਿੱਚ ਵਿਧਾਨ ਸਭਾ ਹਲਕਾ ਸੁਨਾਮ ਵਿੱਚ ਹੋਇਆ ਹੈ, ਉਨਾਂ ਕੰਮ ਇਸ ਹਲਕੇ ਦੇ ਵਿੱਚ ਪਿਛਲੇ 70 ਸਾਲ ਵਿੱਚ ਨਹੀਂ ਹੋਇਆ। ਉਹਨਾਂ ਵੱਲੋਂ ਇਸ ਇਤਿਹਾਸਕ ਹਲਕੇ ਨੂੰ ਸੂਬੇ ਵਿੱਚੋਂ ਅੱਵਲ ਹਲਕਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਉਹਨਾਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਕਿ ਉਹ ਵਿਕਾਸ ਕਾਰਜਾਂ ਦੀ ਨਿਗਰਾਨੀ ਖੁਦ ਕਰਨ, ਜੇਕਰ ਕਿਤੇ ਕੋਈ ਕਮੀ ਨਜ਼ਰ ਆਉਂਦੀ ਹੈ ਤਾਂ ਤੁਰੰਤ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ। ਇਸ ਮੌਕੇ ਐਕਸੀਅਨ ਲੋਕ ਨਿਰਮਾਣ ਵਿਭਾਗ ਅਜੈ ਗਰਗ, ਕੈਬਨਿਟ ਮੰਤਰੀ ਦੇ ਓ.ਐੱਸ.ਡੀ. ਅੰਮ੍ਰਿਤ ਸਿੱਧੂ, ਮੀਡੀਆ ਕੋਆਰਡੀਨੇਟਰ ਜਤਿੰਦਰ ਜੈਨ, ਬਲਾਕ ਪ੍ਰਧਾਨ ਸਾਹਿਬ ਸਿੰਘ, ਸੰਦੀਪ ਜਿੰਦਲ, ਮਨੀ ਸਰਾਓਂ, ਅਮਰੀਕ ਧਾਲੀਵਾਲ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਵੱਖ-ਵੱਖ ਅਹੁਦੇਦਾਰ, ਪਤਵੰਤੇ ਅਤੇ ਸ਼ਹਿਰ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

'ਨਿੱਕਾ ਜ਼ੈਲਦਾਰ 4' ਵਿੱਚ ਸਿੱਖ ਔਰਤ ਵੱਲੋਂ ਸਿਗਰਟਨੋਸ਼ੀ

# ਸਿੱਖ ਸੱਭਿਆਚਾਰ ਤੇ ਪਰੰਪਰਾ ਵਿਰੁੱਧ ਸਾਜ਼ਿਸ਼ : ਪ੍ਰੋ. ਸਰਚਾਂਦ ਸਿੰਘ ਖਿਆਲਾ



ਆਵਾਜ਼ਿ ਕੌਮ AWAZE QAUM International Newspaper & WEB TV

**ਅੰਮ੍ਰਿਤਸਰ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਪੰਜਾਬ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਆਉਣ ਵਾਲੀ ਪੰਜਾਬੀ ਫ਼ਿਲਮ 'ਨਿੱਕਾ ਜ਼ੈਲਦਾਰ 4' ਦੇ ਟ੍ਰੇਲਰ ਵਿੱਚ ਕੁਝ ਦ੍ਰਿਸ਼ਾਂ 'ਤੇ ਸਖ਼ਤ ਇਤਰਾਜ਼ ਜਤਾਇਆ ਹੈ। ਟ੍ਰੇਲਰ ਵਿੱਚ ਅਦਾਕਾਰਾ ਸੋਨਮ ਬਾਜਵਾ, ਜੋ ਸਿੱਖ ਪਰਿਵਾਰ ਦੀ ਇਕ ਨੂੰਹ ਦਾ ਕਿਰਦਾਰ ਨਿਭਾ ਰਹੀ ਹੈ, ਨੂੰ ਸਿਗਰਟ ਫੜਿਆ ਦਿਖਾਇਆ ਗਿਆ ਹੈ।

## ਨਵੀਂ ਪੀੜ੍ਹੀ ਦੇ ਮਨਾਂ ਵਿੱਚ ਸਿੱਖ ਔਰਤਾਂ ਦੀ ਗਲਤ ਛਵੀ ਬਿਠਾਉਣ ਦੀ ਕੋਸ਼ਿਸ਼ ਨਿੰਦਣਯੋਗ - ਇਤਰਾਜ਼ਯੋਗ ਦ੍ਰਿਸ਼ ਤੁਰੰਤ ਹਟਾਏ ਜਾਣ

ਪ੍ਰੋ. ਖਿਆਲਾ ਨੇ ਕਿਹਾ ਕਿ ਤਮਾਕੂ ਸਿੱਖ ਰਹਿਤ ਮਰਯਾਦਾ ਦੀਆਂ ਚਾਰ ਵੱਡੀਆਂ ਕੁਰਹਿਤਾਂ ਵਿੱਚੋਂ ਇੱਕ ਹੈ। ਸਿੱਖ ਸਮਾਜ ਵਿੱਚ ਜਿੱਥੇ ਪੁਰਸ਼ ਵੀ ਤਮਾਕੂ ਨੂੰ ਹੱਥ ਲਗਾਉਣਾ ਪਾਪ ਸਮਝਦੇ ਹੋਣ, ਉੱਥੇ ਸਿੱਖ ਔਰਤ ਦੇ ਹੱਥ 'ਚ ਸਿਗਰਟ ਨੂੰ ਦਿਖਾਉਣਾ ਸਿੱਖ ਪਰੰਪਰਾ ਦਾ ਅਪਮਾਨ ਅਤੇ ਸਿੱਖੀ ਸਿਧਾਂਤਾਂ ਨਾਲ ਖੁੱਲ੍ਹਾ ਮਜ਼ਾਕ ਹੈ। ਉਨ੍ਹਾਂ ਕਿਹਾ "ਇਹ ਸਿਰਫ਼ ਇੱਕ ਦ੍ਰਿਸ਼ ਨਹੀਂ, ਸਗੋਂ ਸਿੱਖ ਧਰਮ ਅਤੇ ਪੰਜਾਬੀ ਸੱਭਿਆਚਾਰ ਨੂੰ ਢਾਹੁਣ ਲਈ ਰਚੀ ਗਈ ਡੂੰਘੀ ਸਾਜ਼ਿਸ਼ ਹੈ, ਜਿਸ ਦਾ ਮਕਸਦ ਨਵੀਂ ਪੀੜ੍ਹੀ ਦੇ ਮਨਾਂ ਵਿੱਚ ਸਿੱਖ ਔਰਤਾਂ ਦੀ ਗ਼ਲਤ ਛਵੀ ਬਿਠਾਉਣਾ ਹੈ। ਇਸ ਤਰ੍ਹਾਂ ਦੇ ਇਤਰਾਜ਼ਯੋਗ ਦ੍ਰਿਸ਼ ਤੁਰੰਤ ਹਟਾਏ ਜਾਣੇ ਚਾਹੀਦੇ ਹਨ।"



ਇਸ ਫ਼ਿਲਮ ਦਾ ਨਿਰਦੇਸ਼ਨ ਸਿਮਰਜੀਤ ਸਿੰਘ ਨੇ ਕੀਤਾ ਹੈ ਅਤੇ ਐਮੀ ਵਿਰਕ ਮੁੱਖ ਭੂਮਿਕਾ ਵਿੱਚ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਅਫ਼ਸੋਸਨਾਕ ਹੈ ਕਿ ਐਮੀ ਵਿਰਕ ਵਰਗੇ ਸੰਵੇਦਨਸ਼ੀਲ ਕਲਾਕਾਰ ਦੀ ਮੌਜੂਦਗੀ ਦੇ ਬਾਵਜੂਦ ਫ਼ਿਲਮ ਵਿੱਚ ਸਿੱਖ ਪਰਿਵਾਰ ਦੀ ਔਰਤ ਨੂੰ ਸਿਗਰਟ ਅਤੇ ਹੁੱਕਾ ਪੀਂਦਿਆਂ ਦਿਖਾ ਕੇ ਨਾਰੀ ਜਾਤੀ ਦਾ ਚਰਿੱਤਰ-ਹਨਨ ਕੀਤਾ ਗਿਆ ਹੈ। ਉਨ੍ਹਾਂ ਕਿਹਾ"ਐਮੀ ਵਿਰਕ ਵਰਗੇ ਕਲਾਕਾਰਾਂ ਨੂੰ ਸਮਝਣਾ ਚਾਹੀਦਾ ਹੈ ਕਿ ਨੌਜਵਾਨ ਉਨ੍ਹਾਂ ਨੂੰ ਰੋਲ ਮਾਡਲ ਮੰਨਦੇ ਹਨ। ਜਦੋਂ ਸਿੱਖ ਪਰਿਵਾਰ ਦੀ ਔਰਤ ਨੂੰ ਸ਼ਰਾਬ, ਹੁੱਕਾ ਤੇ ਸਿਗਰਟ ਨਾਲ ਜੋੜ ਕੇ ਸਿੱਖ ਜੀਵਨ ਸ਼ੈਲੀ ਨੂੰ ਬਦਨਾਮ ਕੀਤਾ ਜਾਂਦਾ ਹੈ, ਤਾਂ ਇਸ ਨੂੰ ਰੋਕਣਾ ਉਨ੍ਹਾਂ ਦੀ ਜ਼ਿੰਮੇਵਾਰੀ ਬਣਦੀ ਹੈ,"

ਉਨ੍ਹਾਂ ਕਿਹਾ ਕਿ ਪੰਜਾਬੀ ਫ਼ਿਲਮ ਅਤੇ ਮਿਊਜ਼ਿਕ ਇੰਡਸਟਰੀ ਲੰਮੇ ਸਮੇਂ ਤੋਂ ਅਸ਼ਲੀਲਤਾ, ਹਥਿਆਰ, ਗੈਂਗ ਸੰਸਕਾਰ, ਹਿੰਸਾ ਅਤੇ ਨਸ਼ਿਆਂ ਨੂੰ ਵਧਾਵਾ ਦੇ ਰਹੀ ਸੀ। ਹੁਣ ਇਸ ਤੋਂ ਵੀ ਅੱਗੇ ਵੱਧ ਕੇ ਸਿੱਖ ਔਰਤਾਂ ਨੂੰ ਹੁੱਕਾ, ਸ਼ਰਾਬ ਅਤੇ ਸਿਗਰਟ ਪੀਂਦਿਆਂ ਦਿਖਾ ਕੇ ਪੰਜਾਬੀ ਸੱਭਿਆਚਾਰ, ਵਿਰਾਸਤ ਅਤੇ ਸਿੱਖ ਧਰਮ ਦੀ ਮਾਣ-ਮਰਯਾਦਾ ਖ਼ਿਲਾਫ਼ ਮਨੋਵਿਗਿਆਨਕ ਸਾਜ਼ਿਸ਼ ਰਚੀ ਜਾ ਰਹੀ ਹੈ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਬਾਜ਼ਾਰੀ ਹਿੱਤਾਂ ਲਈ ਪੰਜਾਬੀ ਸੱਭਿਆਚਾਰ ਨੂੰ ਕੁਰਬਾਨ ਕਰਨ ਦਾ ਇਹ ਖ਼ਤਰਨਾਕ ਰੁਝਾਨ ਆਉਣ ਵਾਲੀ ਪੀੜ੍ਹੀ ਨੂੰ ਉਸ ਦੀਆਂ ਜੜ੍ਹਾਂ ਤੋਂ ਕੱਟ ਦੇਵੇਗਾ। "ਇਹ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀ ਨੌਜਵਾਨਾਂ ਲਈ ਹੋਰ ਵੀ ਖ਼ਤਰਨਾਕ ਹੈ ਕਿਉਂਕਿ ਉਹ ਪੰਜਾਬ ਨੂੰ ਫ਼ਿਲਮਾਂ ਅਤੇ ਗੀਤਾਂ ਰਾਹੀਂ ਹੀ ਜਾਣਦੇ ਹਨ। ਵਪਾਰਕ ਲਾਲਚ ਅਤੇ ਪੈਸੇ ਦੀ ਭੁੱਖ ਤੋਂ ਪੈਦਾ ਹੋਇਆ ਇਹ ਰੁਝਾਨ ਭਵਿੱਖ ਵਿੱਚ ਸੱਭਿਆਚਾਰਕ ਸੰਕਟ ਖੜ੍ਹਾ ਕਰੇਗਾ ਅਤੇ ਪੰਜਾਬੀ ਵਿਰਾਸਤ ਦੀਆਂ ਕਦਰਾਂ-ਕੀਮਤਾਂ ਮਿੱਟੀ ਵਿੱਚ ਮਿਲਾ ਦੇਵੇਗਾ," ਪ੍ਰੋ. ਖਿਆਲਾ ਨੇ ਕਿਹਾ ਕਿ ਹਰ ਪੰਜਾਬੀ ਨੂੰ ਆਪਣੀ ਵਿਰਾਸਤ ਅਤੇ ਸੱਭਿਆਚਾਰ 'ਤੇ ਮਾਣ ਹੈ ਪਰ ਦੁੱਖ ਦੀ ਗੱਲ ਹੈ ਕਿ ਪੰਜਾਬ ਸਰਕਾਰ ਕੋਲ ਕੋਈ ਪੱਕੀ ਸਭਿਆਚਾਰਕ ਨੀਤੀ ਨਹੀਂ ਹੈ। ਉਨ੍ਹਾਂ ਯਾਦ ਦਿਵਾਇਆ ਕਿ ਸੁਪਰੀਮ ਕੋਰਟ ਨੇ ਪਿਛਲੀ ਸਰਕਾਰ ਦੇ ਸਮੇਂ ਬੱਸਾਂ ਵਿੱਚ ਚਲਦੇ ਅਸ਼ਲੀਲ ਤੇ ਹਿੰਸਕ ਗੀਤਾਂ ਅਤੇ ਵੀਡੀਓ 'ਤੇ ਪਾਬੰਦੀ ਲਗਾਉਣ ਦਾ ਹੁਕਮ ਦਿੱਤਾ ਸੀ। ਓਸੇ ਤਰ੍ਹਾਂ ਹੁਣ ਸੈਂਸਰ ਬੋਰਡ ਨੂੰ ਵੀ ਸਖ਼ਤ ਕਾਰਵਾਈ ਕਰਨੀ ਹੋਵੇਗੀ ਅਤੇ ਸਮਾਜ ਤੇ ਸੱਭਿਆਚਾਰ ਵਿੱਚ ਵਿਗਾੜ ਪੈਦਾ ਕਰਨ ਵਾਲੇ ਦ੍ਰਿਸ਼ ਰੋਕਣੇ ਹੋਣਗੇ। ਅੰਤ ਵਿੱਚ ਪ੍ਰੋ. ਖਿਆਲਾ ਨੇ ਸਾਰੀ ਦੁਨੀਆ ਦੇ ਪੰਜਾਬੀਆਂ ਨੂੰ ਪੰਜਾਬੀ ਫ਼ਿਲਮਾਂ ਰਾਹੀਂ ਵਾਰ-ਵਾਰ ਰਚੀ ਜਾ ਰਹੀ ਇਸ ਸਾਜ਼ਿਸ਼ੀ ਪ੍ਰਵਿਰਤੀ ਤੋਂ ਸਚੇਤ ਰਹਿਣ ਦੀ ਅਪੀਲ ਕੀਤੀ। "ਪੰਜਾਬੀਆਂ ਦਾ ਚਰਿੱਤਰ ਹਮੇਸ਼ਾ ਬੇਦਾਗ., ਸਿਹਤਮੰਦ ਅਤੇ ਅਣਖ-ਆਬਰੂ ਵਾਲਾ ਰਿਹਾ ਹੈ। ਸਾਡੀ ਪਰੰਪਰਾ, ਸਨਮਾਨ ਅਤੇ ਸਵੈਮਾਣ ਦੀ ਰੱਖਿਆ ਲਈ ਹਰ ਪੰਜਾਬੀ ਨੂੰ ਇਸ ਡੂੰਘੀ ਸਾਜ਼ਿਸ਼ ਦੇ ਖ਼ਿਲਾਫ਼ ਖੜ੍ਹਾ ਹੋਣਾ ਪਵੇਗਾ। ਖ਼ਾਸ ਕਰਕੇ ਪੰਜਾਬੀ ਸਿਖ ਔਰਤਾਂ ਨੂੰ ਇਸ ਸਭਿਆਚਾਰਕ ਚਰਿੱਤਰ-ਹਨਨ ਦਾ ਵਿਰੋਧ ਕਰਨ ਲਈ ਅੱਗੇ ਆਉਣਾ ਪਵੇਗਾ, ਨਹੀਂ ਤਾਂ ਸਾਡੀ ਸਿਹਤਮੰਦ ਧਰੋਹਰ ਡੂੰਘੇ ਸੰਕਟ ਵਿੱਚ ਧੱਕੀ ਜਾਵੇਗੀ।

# ਮੁੱਖ ਮੰਤਰੀ ਦੇ ਓ,ਐਸ,ਡੀ ਸੁੱਖੀ ਨੇ ਜਹਾਂਗਰ ਅਤੇ ਘਨੌਰੀ ਕਲਾਂ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ





**ਧੂਰੀ, 22 ਸਤੰਬਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਵੱਲੋਂ ਧੂਰੀ ਹਲਕੇ ਦੇ ਵਿੱਚ ਪਿੰਡ ਜਹਾਂਗੀਰ ਵਿਖੇ ਲਾਇਬ੍ਰੇਰੀ ਦਾ ਉਦਘਾਟਨ ਕੀਤਾ ਗਿਆ ਅਤੇ ਘਨੌਰੀ ਵਿਖੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਵੀ ਲਿਆ ਅਤੇ ਹੋਰ ਗਰਾਂਟਾਂ ਦੇਗੱਫੇ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਆਪ ਆਗੂ ਪਰਮਿੰਦਰ ਸਿੰਘ ਪੁੰਨੂੰ ਕਾਤਰੋਂ, ਸੰਦੀਪ ਤਾਇਲ ਪੱਪੂ, ਰਛਪਾਲ ਸਿੰਘ ਭੁੱਲਰ ਹਲਕਾ ਕੋਆਰਡੀਨੇਟਰ, ਰਮਨਦੀਪ ਸਿੰਘ ਰਮਨ ਦਫ਼ਤਰ ਇੰਚਾਰਜ, ਗਗਨ ਜਵੰਧਾ ਬਲਾਕ ਪ੍ਰਧਾਨ, ਯੁੱਗ ਘਨੌਰ ਕਲਾਂ, ਇਕਾਈ ਪ੍ਰਧਾਨ ਗੁਰਮੇਲ ਸਿੰਘ ਘਨੌਰੀ, ਸਰਪੰਚ ਅੰਮ੍ਰਿ ਚਹਿਲ , ਮਾਸਟਰ ਕੁਲਵੰਤ ਸਿੰਘ ਘਨੌਰੀ, ਸਰਪੰਚ ਜਸਵਿੰਦਰ ਸਿੰਘ ਘਨੌਰ, ਸਰਪੰਚ ਅਮਨ ਘਨੌਰ ਖੁਰਦ, ਸੰਦੀਪ ਘਨੌਰ, ਸਿਕੰਦਰ ਖਾਨ,ਰਮਨਦੀਪ ਕੌਰ, ਨਵਜੋਤ ਕੌਰ, ਹਰਦੀਪ ਸਿੰਘ, ਪੁਸਪਿੰਦਰ ਸਰਮਾ ਐਮ ਸੀ, ਅਮਨ ਖਾਨ ਪੰਚ, ਕੇਵਲ ਸਿੰਘ ਪੰਚ,ਮਨਪ੍ਰੀਤ ਸਿੰਘ ਸਲੇਮਪੁਰ, ਜਗਤਾਰ ਸਿੰਘ ਬਾਗੜੀ, ਗਿੰਨੀ ਸਲੇਮਪੁਰ,ਸੁਰਜੀਤ ਸਿੰਘ ਰਾਜੋਮਾਜਰਾ ਬਲਾਕ ਪ੍ਰਧਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਮੁੱਖ ਮੰਤਰੀ ਦੇ ਓਐਸਡੀ ਸੁੱਖੀ ਨੇ ਪੰਚਾਇਤਾਂ ਨੂੰ ਮੱਛਰ ਭਜਾਉਣ ਲਈ ਫੌਗਿੰਗ ਮਸ਼ੀਨਾਂ ਭੇਂਟ ਕੀਤੀਆਂ

ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਬੱਬਰਪੁਰ ਦੇ ਰੈਸਟ ਹਾਊਸ ਵਿਖੇ ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਵੱਲੋਂ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਨੂੰ ਹੜਾਂ ਦੇ ਕਾਰਨ ਆਏ ਪਾਣੀ ਤੋਂ ਪੈਦਾ ਹੋਏ ਮੱਛਰ ਨੂੰ ਮਾਰਨ ਦੇ ਲਈ ਮਸ਼ੀਨਾਂ ਪੰਚਾਇਤਾਂ ਨੂੰ ਭੇਟ ਕੀਤੀਆਂ ਗਈਆਂ ਹਨ। ਇਸ ਮੌਕੇ ਇਸ ਮੌਕੇ ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਸੰਦੀਪ ਤਾਇਲ ਪੱਪੂ, ਰਮਨਦੀਪ ਸਿੰਘ ਦਫ਼ਤਰ ਇੰਚਾਰਜ, ਗਗਨ ਜਵੰਧਾ ਬਲਾਕ ਪ੍ਰਧਾਨ, ਸਰਪੰਚ ਜੱਗਾ ਭੋਜੋਵਾਲੀ ਪ੍ਰਧਾਨ ਪੰਚਾਇਤ ਯੂਨੀਅਨ ਧੂਰੀ, ਸਰਪੰਚ ਜਸਵੀਰ ਦਾਸ ਢਢੋਗਲ ਜਨਰਲ ਸਕੱਤਰ ਪੰਚਾਇਤ ਯੂਨੀਅਨ ਧੂਰੀ, ਸਰਪੰਚ ਜਗਰੂਪ ਸਿੰਘ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਜੂ ਬਰੜਵਾਲ, ਸਰਪੰਚ ਰਾਜ ਮਾਨਵਾਲਾ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਸੁਖਚੈਨ ਸਿੰਘ ਮੂਲੋਵਾਲ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ, ਸਰਪੰਚ ਕੁਲਦੀਪ ਸਿੰਘ ਬਾਲੀਆਂ, ਨਵਜੋਤ ਕੌਰ, ਹਰਦੀਪ ਸਿੰਘ, ਪੁਸਪਿੰਦਰ ਸਰਮਾ ਐਮ ਸੀ, ਮਨਪ੍ਰੀਤ ਸਿੰਘ ਸਲੇਮਪੁਰ, ਜਗਤਾਰ ਸਿੰਘ ਬਾਗੜੀ, ਗਿੰਨੀ ਸਲੇਮਪੁਰ ,ਨਰੇਸ਼ ਸਿੰਗਲਾ,ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਕਹੇਰੂ,ਸਰਪੰਚ ਅਮਨ ਘਨੌਰ, ਨੰਬਰਦਾਰ ਰਜਿੰਦਰ ਸਿੰਘ ਪੇਧਨੀ,ਨੰਬਰਦਾਰ ਬਹਾਦਰ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਇਕ ਹ਼ਫਤੇ ਦੀ ਕਾਰਗੁਜ਼ਾਰੀ ਦਾ ਲੇਖਾ ਜੋਖਾ ਪੇਸ਼

# ਧੂਰੀ ਪੁਲਿਸ ਵੱਲੋਂ ਗੈਰ ਕਾਨੂੰਨੀ ਤਰੀਕੇ ਨਾਲ ਤਿਆਰ ਕੀਤੇ ਜਾ ਰਹੇ ਛੋਟੇ ਪਟਾਕਿਆਂ ਦੇ ਕਾਰੋਬਾਰ ਦਾ ਪਰਦਾਫਾਸ਼, ਦੋਸ਼ੀ ਕਾਬੂ

ਧੂਰੀ ( ਰਣਜੀਤ ਸਿੰਘ ਪੇਧਨੀ ) ਧੂਰੀ ਪੁਲਿਸ ਨੇ ਗੈਰ ਕਾਨੂੰਨੀ ਤਰੀਕੇ ਨਾਲ ਤਿਆਰ ਕੀਤੇ ਜਾ ਰਹੇ ਛੋਟੇ ਪਟਾਕਿਆਂ ਦੇ ਕਾਰੋਬਾਰ ਦਾ ਪਰਦਾਫਾਸ਼ ਕੀਤਾ ਹੈ। ਸ੍ਰੀ ਸਰਤਾਜ ਸਿੰਘ ਚਾਹਲ, ਜ਼ਿਲ੍ਹਾ ਪੁਲਿਸ ਮੁਖੀ ਸੰਗਰੂਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਗਰੂਰ ਪੁਲਿਸ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਚਲਾਈ ਮੁਹਿੰਮ ਤਹਿਤ ਸ੍ਰ ਦਮਨਬੀਰ ਸਿੰਘ ਡੀ ਐੱਸ ਪੀ ਧੂਰੀ ਦੀ ਅਗਵਾਈ ਹੇਠ ਇੰਸ: ਕਰਨਵੀਰ ਸਿੰਘ ਮੁੱਖ ਅਫਸਰ ਥਾਣਾ ਸਦਰ ਧੂਰੀ ਦੀ ਟੀਮ ਵੱਲੋਂ ਪਿੰਡ ਭਸੌੜ ਵਿਖੇ ਨਜਾਇਜ਼ ਤੌਰ ਉੱਤੇ ਛੋਟੇ ਪਟਾਕੇ ਬਣਾਉਣ ਵਾਲੇ ਵਿਅਕਤੀ ਨੂੰ ਕਾਬੂ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਮਿਤੀ 19 ਸਤੰਬਰ ਨੂੰ ਸਹਾਇਕ ਥਾਣੇਦਾਰ ਓਂਕਾਰ ਸਿੰਘ, ਇੰਚਾਰਜ ਚੌਂਕੀ ਰਣੀਕੇ ਨੂੰ ਇਤਲਾਹ ਮਿਲੀ ਕਿ ਫਿਆਜ਼ ਖਾਨ ਪੁੱਤਰ ਫੈਜ ਖਾਨ ਪੁੱਤਰ ਅਬਦੁਲ ਰਹਿਮਾਨ ਵਾਸੀ ਪੋਖਰਾ ਮੁਹੱਲਾ, ਹਾਜੀਪੁਰ, ਜਿਲ੍ਹਾ ਵੈਸ਼ਾਲੀ, ਬਿਹਾਰ ਹਾਲ ਆਬਾਦ ਪਿੰਡ ਭਸੌੜ, ਜ਼ਿਲ੍ਹਾ ਸੰਗਰੂਰ ਵੱਲੋਂ ਬੰਦ ਪਏ ਪੋਲਟਰੀ ਫਾਰਮ ਪਿੰਡ ਭਸੌੜ ਵਿਖੇ ਨਜਾਇਜ ਤੌਰ ਪਰ ਛੋਟੇ ਪਟਾਕੇ ਬਣਾਉਣ ਦਾ ਕੰਮ ਕਰਦਾ ਹੈ ਅਤੇ ਬੰਦ ਪਏ ਪੋਲਟਰੀ ਫਾਰਮ ਪਿੰਡ ਭਸੌੜ ਵਿਖੇ ਭਾਰੀ ਮਾਤਰਾ ਵਿੱਚ ਪਟਾਕਿਆਂ ਦੀਆਂ ਪੇਟੀਆਂ ਅਤੇ ਪੋਟਾਸ਼ ਪਿਆ ਹੈ ਅਤੇ ਫਿਆਜ ਖਾਨ ਉਕਤ ਪਾਸੋਂ ਭਾਰੀ ਮਾਤਰਾ ਵਿੱਚ ਛੋਟੇ ਪਟਾਕੇ ਅਤੇ ਪੋਟਾਸ਼ ਬੰਦ ਪਏ ਪੋਲਟਰੀ ਫਾਰਮ ਵਿੱਚੋਂ ਬ੍ਰਾਮਦ ਹੋ ਸਕਦਾ ਹੈ। ਇਤਲਾਹ ਮਿਲਣ ਪਰ ਮੁਕੱਦਮਾ ਨੰਬਰ 226 ਮਿਤੀ 19.9.2025 ਅ/ਧ 287, 288 ਬੀ.ਐਨ.ਐਸ. ਥਾਣਾ ਸਦਰ ਧੂਰੀ ਬਰਖਿਲਾਫ ਫ਼ਿਆਜ਼ ਖਾਨ ਉਕਤ ਨੂੰ ਕਾਬੂ ਕਰਕੇ ਉਸਦੇ ਕਬਜ਼ੇ ਵਿਚੋਂ ਪਟਾਖੇ ਅਤੇ ਪੋਟਾਸ਼/ਬਾਰੂਦ ਬ੍ਰਾਮਦ ਕਰਵਾ ਕੇ ਦੋਸ਼ੀ ਫਿਆਜ਼ ਖਾ ਉਕਤ ਨੂੰ ਗ੍ਰਿਫ਼ਤਾਰ ਕੀਤਾ ਗਿਆ। ਪੋਲਟਰੀ ਫਾਰਮ ਪਿੰਡ ਭਸੌੜ ਵਿਖੇ ਬਣਾਏ ਜਾ ਰਹੇ ਨਜਾਇਜ਼ ਪਟਾਕਿਆਂ ਸਬੰਧੀ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਕਿ ਉਸ ਵੱਲੋਂ ਪਟਾਖੇ ਬਣਾਉਣ ਲਈ ਸਾਜੋ ਸਮਾਨ ਅਤੇ ਪੋਟਾਸ਼/ਬਰੂਦ ਕਿੱਥੋਂ ਖ੍ਰੀਦ ਕਰਕੇ ਲਿਆਂਦਾ ਗਿਆ। ਤਫਤੀਸ ਦੌਰਾਨ ਜੇਕਰ ਹੋਰ ਤੱਥ ਜਾ ਕਿਸੇ ਹੋਰ ਵਿਅਕਤੀ ਸਮੂਲੀਅਤ ਪਾਈ ਜਾਦੀ ਹੈ ਤਾ ਉਸਦੇ ਖਿਲਾਫ ਵੀ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਸ੍ਰ ਦਮਨਬੀਰ ਸਿੰਘ ਡੀ ਐੱਸ ਪੀ ਧੂਰੀ ਨੇ ਦੱਸਿਆ ਕਿ "ਯੁੱਧ ਨਸ਼ਿਆ ਵਿਰੁੱਧ" ਦੇ ਸਲੋਗਨ ਤਹਿਤ ਮਿਤੀ 01.03.2025 ਤੋਂ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਪੁਲਿਸ ਦਾ ਸਹਿਯੋਗ ਦੇਣ ਲਈ ਹਰ ਇੱਕ ਪਿੰਡ ਅਤੇ ਸ਼ਹਿਰ ਦੇ ਵਾਰਡਾਂ ਵਿਚ ਸੈਮੀਨਾਰ/ਨਸ਼ਾ ਮੁਕਤੀ ਯਾਤਰਾ ਦਾ ਅਭਿਆਨ ਲਗਾਤਾਰ ਜਾਰੀ ਹੈ। ਇਸ ਮੁਹਿੰਮ ਦੌਰਾਨ ਨਸ਼ਾ ਤਸਕਰੀ ਕਰਨ ਵਾਲੇ ਛੋਟੇ ਵੱਡੇ ਸਮੱਗਲਰਾਂ ਖਿਲਾਫ ਕਾਨੂੰਨੀ ਕਾਰਵਾਈ ਕਰਦੇ ਹੋਏ ਐਨ ਡੀ ਪੀ ਐਸ ਐਕਟ ਅਤੇ ਐਕਸਾਇਜ ਐਕਟ ਤਹਿਤ ਮਿਤੀ 15 ਸਤੰਬਰ ਤੋਂ ਮਿਤੀ 21 ਸਤੰਬਰ ਤੱਕ ਇੱਕ ਹਫਤੇ ਦੌਰਾਨ 04 ਮੁਕੱਦਮੇ ਦਰਜ ਕਰਕੇ 05 ਦੋਸ਼ੀਆਂ ਨੂੰ ਕਾਬੂ ਕਰਕੇ ਇਹਨਾ ਪਾਸੋਂ 11.99 ਗ੍ਰਾਮ ਚਿੱਟਾ/ਹੈਰੋਇਨ, 60 ਨਸ਼ੀਲੀਆਂ ਗੋਲੀਆਂ ਅਤੇ 198 ਬੋਤਲਾ ਸ਼ਰਾਬ ਠੇਕਾ ਦੇਸੀ ਬ੍ਰਾਮਦ ਕਰਵਾਏ ਗਏ ਹਨ। ਇਸ ਤੋਂ ਇਲਾਵਾ ਲੁੱਟਾ ਖੋਹਾ ਦੀਆ ਵਾਰਦਾਤਾ ਕਰਨ ਵਾਲੇ ਗੈਂਗ ਨੂੰ ਕਾਬੂ ਕਰਕੇ ਮੁਕੱਦਮੇ ਦਰਜ ਕੀਤੇ ਗਏ ਹਨ। ਸ਼ਹਿਰ ਧੂਰੀ ਅੰਦਰ ਲਗਾਤਾਰ ਦਿਨ ਰਾਤ ਨਾਕਾਬੰਦੀਆਂ ਕੀਤੀਆ ਜਾ ਰਹੀਆ ਹਨ ਅਤੇ ਨਸ਼ਾ ਤਸਕਰੀ ਦਾ ਧੰਦਾ ਕਰਨ ਵਾਲੇ ਵਿਅਕਤੀਆ ਖਿਲਾਫ ਜੰਗੀ ਪੱਧਰ ਉਤੇ ਕਾਰਵਾਈ ਜਾਰੀ ਹੈ। ਮੁਹਿੰਮ ਦੌਰਾਨ ਪਿੰਡ/ਮੁਹੱਲਾ/ਵਾਰਡ ਪੱਧਰ ਤੇ ਐਮ.ਸੀ/ਪੰਚਾਇਤ ਅਤੇ ਹੋਰ ਮੋਹਤਬਰ ਪੁਰਸਾ ਅਤੇ ਸਮਾਜ ਸੇਵੀ ਸੰਸਥਾਵਾ ਦੇ ਸਹਿਯੋਗ ਨਾਲ ਨਸਾ ਕਰਨ ਵਾਲੇ ਵਿਅਕਤੀਆ ਦੀ ਪਛਾਣ ਕਰਕੇ ਉਹਨਾ ਦੀ ਸਨਾਖਤ ਨੂੰ ਗੁਪਤ ਰੱਖਦੇ ਹੋਏ ਉਹਨਾ ਨੂੰ ਨਸੇ ਦੀ ਦਲਦਲ ਵਿਚ ਬਾਹਰ ਕੱਢਣ ਲਈ ਇਸ ਹਫਤੇ ਦੌਰਾਨ 11 ਵਿਅਕਤੀਆ ਦੀ ਰਜਿਸਟਰੇਸ਼ਨ ਕਰਵਾ ਕੇ ਇਲਾਜ ਕਰਵਾਇਆ ਗਿਆ ਹੈ। ਸਬ ਡਵੀਜਨ ਧੂਰੀ ਦੇ ਏਰੀਆ ਵਿਚ ਨਸ਼ਾ ਤਸਕਰੀ ਕਰਨ ਵਾਲੇ ਸਮੱਗਲਰਾਂ ਵੱਲੋ ਨਸਾ ਵੇਚ ਕੇ ਜੋ ਗੈਰ ਕਾਨੂੰਨੀ ਢੰਗ ਨਾਲ ਬਣਾਈ ਜਮੀਨ ਜਾਇਦਾਦ ਬਾਰੇ ਜਾਂਚ ਪੜਤਾਲ ਜਾਰੀ ਹੈ। ਇਹ ਮੁਹਿੰਮ ਭਵਿੱਖ ਵਿਚ ਵੀ ਲਗਾਤਾਰ ਜਾਰੀ ਰੱਖੀ ਜਾ ਰਹੀ ਹੈ। ਪੰਜਾਬ ਪੁਲਿਸ ਲੋਕਾ ਦੀ ਸੇਵਾ ਅਤੇ ਪੰਜਾਬ ਨੂੰ ਨਸ਼ਾ ਮੁਕਤ ਕਰਵਾਉਣ ਲਈ ਚਲਾਈ ਜਾ ਰਹੀ ਮੁਹਿੰਮ ਨੂੰ ਕਾਮਯਾਬ ਕਰਨ ਲਈ ਦਿਨ-ਰਾਤ ਸਖਤ ਮਿਹਨਤ ਕਰ ਰਹੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV



### ਨਾਭਾ ਜੇਲ 'ਚ ਬਿਕਰਮ ਸਿੰਘ ਮਜੀਠੀਆ ਨਾਲ ਮੁਲਾਕਾਤ ਦੀ ਇਜਾਜ਼ਤ ਨਾ ਮਿਲਣ 'ਤੇ

# ਵਿਰਸਾ ਸਿੰਘ ਵਲਟੋਹਾ ਵੱਲੋਂ ਰੋਸ ਦਾ ਪ੍ਰਗਟਾਵਾ



ਆਵਾਜ਼ਿ ਕੌਮ AWAZE QAUM International Newspaper & WEB TV




**ਨਾਭਾ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਨਿਊ ਨਾਭਾ ਜੇਲ ਵਿੱਚ ਕੈਦ ਅਕਾਲੀ ਦਲ ਦੇ ਸੀਨੀਅਰ ਆਗੂ ਸ. ਬਿਕਰਮ ਸਿੰਘ ਮਜੀਠੀਆ ਨਾਲ ਮੁਲਾਕਾਤ ਦੀ ਇਜਾਜ਼ਤ ਨਾ ਮਿਲਣ ਕਾਰਨ ਅੱਜ ਅਕਾਲੀ ਨੇਤਾ ਸ. ਵਿਰਸਾ ਸਿੰਘ ਵਲਟੋਹਾ ਨੇ ਜੇਲ ਪ੍ਰਸ਼ਾਸਨ ਵਿਰੁੱਧ ਤਿੱਖਾ ਰੋਸ ਪ੍ਰਗਟਾਇਆ। ਜਦੋਂ ਵਲਟੋਹਾ ਜੇਲ ਵਿਖੇ ਮਜੀਠੀਆ ਨਾਲ ਮੁਲਾਕਾਤ ਕਰਨ ਪਹੁੰਚੇ ਤਾਂ ਜੇਲ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਦੱਸਿਆ ਗਿਆ ਕਿ ਤਕਨੀਕੀ ਅਤੇ ਪ੍ਰਸ਼ਾਸਕੀ ਕਾਰਣਾਂ ਕਰਕੇ ਮੁਲਾਕਾਤ ਸੰਭਵ ਨਹੀਂ ਹੈ। ਇਸ 'ਤੇ ਅਕਾਲੀ ਨੇਤਾਵਾਂ ਅਤੇ ਸਮਰਥਕਾਂ ਨੇ ਨਾਅਰੇਬਾਜ਼ੀ ਕੀਤੀ ਅਤੇ ਸਰਕਾਰ ਤੇ ਜੇਲ ਪ੍ਰਸ਼ਾਸਨ ਵਿਰੁੱਧ ਭਾਰੀ ਗੁੱਸਾ ਜਤਾਇਆ। ਬਾਅਦ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਸ. ਵਿਰਸਾ ਸਿੰਘ ਵਲਟੋਹਾ ਨੇ ਕਿਹਾ ਕਿ ਸਰਕਾਰ ਰਾਜਨੀਤਕ ਰੰਜਿਸ਼ਾਂ ਦੇ ਆਧਾਰ 'ਤੇ ਅਕਾਲੀ ਆਗੂਆਂ ਨੂੰ ਨਿਸ਼ਾਨਾ ਬਣਾ ਰਹੀ ਹੈ। ਉਨ੍ਹਾਂ ਦਾ ਕਹਿਣਾ ਸੀ ਕਿ "ਜੇਲ ਪ੍ਰਸ਼ਾਸਨ ਵੱਲੋਂ ਮਜੀਠੀਆ ਨਾਲ ਮੁਲਾਕਾਤ ਦੀ ਇਜਾਜ਼ਤ ਨਾ ਦੇਣਾ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਸਾਜ਼ਿਸ਼ ਹੈ।" ਉਨ੍ਹਾਂ ਦਾਅਵਾ ਕੀਤਾ ਕਿ ਜਦੋਂ ਤੋਂ ਬਿਕਰਮ ਸਿੰਘ ਮਜੀਠੀਆ ਨੂੰ ਨਾਭਾ ਜੇਲ ਵਿੱਚ ਰੱਖਿਆ ਗਿਆ ਹੈ, ਅਕਾਲੀ ਆਗੂਆਂ ਨੂੰ ਰੁਟੀਨ ਮੁਲਾਕਾਤਾਂ ਲਈ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਲੋਕਤੰਤਰ ਦੇ ਮੁੱਖ ਸਿਧਾਂਤਾਂ ਦੇ ਵਿਰੁੱਧ ਹੈ। ਵਲਟੋਹਾ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਆਪਣਾ ਰਵੱਈਆ ਨਾ ਬਦਲਿਆ ਤਾਂ ਅਕਾਲੀ ਦਲ ਵੱਲੋਂ ਰਾਜ-ਪੱਧਰੀ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ "ਅਸੀਂ ਆਪਣੇ ਆਗੂਆਂ ਦੇ ਨਾਲ ਹੋ ਰਹੇ ਅਨਿਆਏ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਾਂਗੇ।" ਇਸ ਮਾਮਲੇ ਨੇ ਨਾਭਾ ਇਲਾਕੇ ਵਿੱਚ ਚਰਚਾ ਦਾ ਵਿਸ਼ਾ ਬਣਾਇਆ ਹੋਇਆ ਹੈ ਅਤੇ ਅਕਾਲੀ ਵਰਕਰਾਂ ਵਿਚਕਾਰ ਕਾਫ਼ੀ ਰੋਸ ਵੇਖਣ ਨੂੰ ਮਿਲ ਰਿਹਾ ਹੈ।

### ਐਸ.ਓ.ਆਈ ਦੀ ਦਿੱਲੀ ਦੇ ਸਿੱਖ ਕਾਲਜਾਂ ਦੀਆਂ ਚੋਣਾਂ ਵਿੱਚ

# ਹੂੰਝਾ ਫੇਰ ਜਿੱਤ, ਆਣ ਵਾਲਾ ਸਮਾਂ ਵੱਡੇ ਬਦਲਾਅ ਦਾ: ਸਰਨਾ



**ਨਵੀਂ ਦਿੱਲੀ, 22 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੇ ਸਿੱਖ ਕਾਲਜਾਂ ਵਿਚ ਐਸ.ਓ.ਆਈ ਦੇ ਜਿੱਤੇ ਹੋਏ ਉਮੀਦੁਆਰਾ ਦਾ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਵਲੋਂ ਸਨਮਾਨਿਤ ਕੀਤਾ ਗਿਆ ਤੇ ਇਸ ਮੌਕੇ ਬਲਵਿੰਦਰ ਸਿੰਘ ਭੂੰਦੜ ਨੇ ਉਚੇਚੇ ਤੌਰ ਤੇ ਹਾਜ਼ਿਰੀ ਭਰ ਕੇ ਨੌਜੁਆਨਾਂ ਦਾ ਉਤਸ਼ਾਹ ਵਧਾਇਆ ਸੀ। ਅਕਾਲੀ ਦਲ ਦੇ ਦਫਤਰ ਵਿਚ ਕੀਤੀ ਗਈ ਪ੍ਰੈਸ ਕਾਨਫਰੰਸ ਵਿਚ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਪੰਥਕ ਧੜੇ ਨਾਲ ਜੁੜੀ ਹੋਈ ਐਸ.ਓ.ਆਈ ਨੇ ਗੁਰੂ ਗੋਬਿੰਦ ਸਿੰਘ ਕਾਲਜ ਆਫ਼ ਕਾਮਰਸ ਅਤੇ ਗੁਰੂ ਨਾਨਕ ਦੇਵ ਖ਼ਾਲਸਾ ਕਾਲਜ, ਦੋਵੇਂ ਦਿੱਲੀ ਯੂਨੀਵਰਸਿਟੀ ਨਾਲ ਸੰਬੰਧਿਤ, ਵਿੱਚ ਵਿਦਿਆਰਥੀ ਯੂਨੀਅਨ ਚੋਣਾਂ ਵਿੱਚ ਫੈਸਲਾਕੁੰਨ ਜਿੱਤ ਪ੍ਰਾਪਤ ਕੀਤੀ ਹੈ। ਦਿੱਲੀ ਅਕਾਲੀ ਮੁਖੀ ਪਰਮਜੀਤ ਸਿੰਘ ਸਰਨਾ ਨੇ ਇਸ ਕਲੀਨ ਸਵੀਪ ਨੂੰ ਦਿੱਲੀ ਕਮੇਟੀ ਦੇ ਮੌਜੂਦਾ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਉਨ੍ਹਾਂ ਦੇ ਡੀ-ਫੈਕਟੋ ਬੌਸ ਮਨਜਿੰਦਰ ਸਿੰਘ ਸਿਰਸਾ ਦੁਆਰਾ ਅਪਣਾਈ ਗਈ ਨੀਤੀ ਨੂੰ ਜ਼ਬਰਦਸਤ ਰੱਦ ਕਰਨ ਵਜੋਂ ਦੱਸਿਆ ਹੈ। ਸਰਨਾ ਨੇ ਕਿਹਾ ਕਿ ਨਤੀਜਾ ਕੋਈ ਆਮ ਵਿਦਿਆਰਥੀ ਚੋਣ ਦੀ ਨਹੀਂ ਸੀ ਬਲਕਿ ਸਿਰਸਾ ਅਤੇ ਕਾਲਕਾ ਦੇ ਭ੍ਰਿਸ਼ਟ ਅਭਿਆਸਾਂ ਅਤੇ ਸਿੱਖ ਵਿਰੋਧੀ ਗਤੀਵਿਧੀਆਂ ਦੇ ਵਿਰੁੱਧ ਇੱਕ ਸਪੱਸ਼ਟ ਜਨਮਤ ਸੰਗ੍ਰਹਿ ਸੀ, ਜਿਨ੍ਹਾਂ 'ਤੇ ਉਨ੍ਹਾਂ ਨੇ ਦੋਸ਼ ਲਗਾਇਆ ਸੀ ਕਿ ਉਹ ਆਪਣੇ ਰਾਜਨੀਤਿਕ ਆਕਾਵਾਂ ਦੇ ਹਿੱਤਾਂ ਨੂੰ ਅੱਗੇ ਵਧਾਉਣ ਲਈ ਲੰਬੇ ਸਮੇਂ ਤੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦੁਰਵਰਤੋਂ ਕਰ ਰਹੇ ਹਨ। ਸਰਨਾ ਨੇ ਐਲਾਨ ਕੀਤਾ, ਕਿ ਦਿੱਲੀ ਦੇ ਸਿੱਖ ਨੌਜਵਾਨਾਂ ਨੇ ਸਪੱਸ਼ਟਤਾ ਨਾਲ ਗੱਲ ਕੀਤੀ ਹੈ। ਸਿਰਸਾ ਅਤੇ ਕਾਲਕਾ ਦੁਆਰਾ ਪ੍ਰਚਾਰਿਤ ਉਮੀਦਵਾਰਾਂ ਨੂੰ ਰੱਦ ਕਰਕੇ, ਉਨ੍ਹਾਂ ਨੇ ਸੰਕੇਤ ਦਿੱਤਾ ਹੈ ਕਿ ਸੁਆਰਥੀ ਰਾਜਨੀਤਿਕ ਹਿੱਤਾਂ ਲਈ ਗੁਰਦੁਆਰਾ ਸੰਸਥਾਵਾਂ ਦਾ ਸ਼ੋਸ਼ਣ ਕਰਨ ਦੇ ਦਿਨ ਖਤਮ ਹੋ ਗਏ ਹਨ। ਇਹ ਸ਼੍ਰੋਮਣੀ ਅਕਾਲੀ ਦਲ ਅਤੇ ਪੰਥਕ ਪਰੰਪਰਾ ਦੇ ਹੱਕ ਵਿੱਚ ਜਨਮਤ ਸੰਗ੍ਰਹਿ ਹੈ। ਉਨ੍ਹਾਂ ਨੇ ਨੌਜਵਾਨ ਅਕਾਲੀ ਆਗੂਆਂ ਰਮਨਦੀਪ ਸਿੰਘ ਸੋਨੂੰ, ਜਸਮੀਤ ਸਿੰਘ ਪੀਤਮਪੁਰਾ ਅਤੇ ਸਾਹਿਬ ਸਿੰਘ ਬਿੰਦਰਾ ਦੇ ਅਣਥੱਕ ਯਤਨਾਂ ਦੀ ਪ੍ਰਸ਼ੰਸਾ ਕੀਤੀ, ਜਿਨ੍ਹਾਂ ਨੇ ਦੋਵਾਂ ਕਾਲਜਾਂ ਵਿੱਚ ਮੁਹਿੰਮ ਦੀ ਅਗਵਾਈ ਕੀਤੀ। ਪੰਥਕ ਕਦਰਾਂ-ਕੀਮਤਾਂ ਅਤੇ ਸਾਫ਼-ਸੁਥਰੀ ਵਿਦਿਆਰਥੀ ਰਾਜਨੀਤੀ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੇ ਸਿੱਖ ਨੌਜਵਾਨਾਂ ਵਿੱਚ ਵਿਸ਼ਵਾਸ ਪੈਦਾ ਕੀਤਾ ਹੈ। ਉਨ੍ਹਾਂ ਕਿਹਾ ਇਹ ਜਿੱਤ ਉਨ੍ਹਾਂ ਦੀ ਵੀ ਓਨੀ ਹੀ ਹੈ ਜਿੰਨੀ ਹਰ ਵਿਦਿਆਰਥੀ ਦੀ ਜਿਸਨੇ ਬਦਲਾਅ ਲਈ ਵੋਟ ਪਾਈ। ਸਰਨਾ ਨੇ ਅੱਗੇ ਕਿਹਾ ਕਿ ਚੋਣ ਨਤੀਜੇ ਦਰਸਾਉਂਦੇ ਹਨ ਕਿ ਸਿੱਖ ਵਿਦਿਆਰਥੀ ਧਾਰਮਿਕ ਸੰਸਥਾਵਾਂ ਦੇ ਰਾਜਨੀਤੀਕਰਨ ਨੂੰ ਬਰਦਾਸ਼ਤ ਕਰਨ ਲਈ ਤਿਆਰ ਨਹੀਂ ਹਨ। ਉਨ੍ਹਾਂ ਕਿਹਾ ਸਿੱਖ ਨੌਜਵਾਨਾਂ ਦਾ ਸੁਨੇਹਾ ਸਪੱਸ਼ਟ ਹੈ ਕਿ ਉਹ ਸ਼੍ਰੋਮਣੀ ਅਕਾਲੀ ਦਲ ਅਤੇ ਪੰਥਕ ਕਾਜ਼ ਦੇ ਨਾਲ ਖੜ੍ਹੇ ਹਨ, ਨਾ ਕਿ ਉਨ੍ਹਾਂ ਲੋਕਾਂ ਦੇ ਨਾਲ ਜਿਨ੍ਹਾਂ ਨੇ ਨਿੱਜੀ ਲਾਭ ਲਈ ਸਿੱਖ ਹਿੱਤਾਂ ਨੂੰ ਸੌਦੇਬਾਜ਼ੀ ਕੀਤੀ ਹੈ। ਸਰਨਾ ਨੇ ਕਿਹਾ ਕਿ ਇਹ ਫਤਵਾ ਦਿੱਲੀ ਯੂਨੀਵਰਸਿਟੀ ਦੇ ਦੋ ਪ੍ਰਮੁੱਖ ਸਿੱਖ ਕਾਲਜਾਂ ਵਿੱਚ ਵਿਦਿਆਰਥੀ ਸੰਗਠਨਾਂ ਦੇ ਕੰਟਰੋਲ ਵਿੱਚ ਹੁਣ ਪੰਥਕ ਐਸ ਓ ਆਈ ਦੇ ਮਜ਼ਬੂਤੀ ਨਾਲ ਹੋਣ ਦੇ ਨਾਲ, ਸਿੱਖ ਸੰਸਥਾਵਾਂ ਵਿੱਚ ਅਖੰਡਤਾ ਅਤੇ ਜਵਾਬਦੇਹੀ ਨੂੰ ਬਹਾਲ ਕਰਨ ਲਈ ਵਿਆਪਕ ਸੰਘਰਸ਼ ਨੂੰ ਊਰਜਾ ਦੇਵੇਗਾ। ਇਸ ਮੌਕੇ ਜਿੱਤੇ ਹੋਏ ਉਮੀਦੁਆਰਾ ਨੇ ਉਨ੍ਹਾਂ ਨੂੰ ਦੂਜੀ ਪਾਰਟੀ ਵਾਲੀ ਪਾਸਾ ਵਟਣ ਲਈ ਦਿੱਤੀ ਜਾ ਰਹੀ ਪੇਸ਼ਕਸ਼ ਬਾਰੇ ਜਾਣਕਾਰੀ ਦਿੱਤੀ ਤੇ ਨਾਲ ਹੀ ਉਨ੍ਹਾਂ ਸਰਦਾਰ ਪਰਮਜੀਤ ਸਿੰਘ ਸਰਨਾ, ਰਮਨਦੀਪ ਸਿੰਘ ਸੋਨੂੰ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਜਿਨ੍ਹਾਂ ਬਦੌਲਤ ਲੰਮੇ ਸਮੇਂ ਮਗਰੋਂ ਐਸ ਓ ਆਈ ਮੁੜ ਕਾਲਜਾਂ ਵਿਚ ਆਈ ਹੈ। ਇਸ ਮੌਕੇ ਸਰਦਾਰ ਪਰਮਜੀਤ ਸਿੰਘ ਵੀਰ ਜੀ, ਗੁਰਮੀਤ ਸਿੰਘ ਸ਼ੰਟੀ, ਗੁਰਮੀਤ ਸਿੰਘ ਫਿਲੀਪੀਨਸ, ਮਨਜੀਤ ਸਿੰਘ ਜੀ ਕੇ, ਪਰਮਜੀਤ ਸਿੰਘ ਰਾਣਾ, ਡਾਕਟਰ ਪਰਮਿੰਦਰਪਾਲ ਸਿੰਘ, ਸਤਨਾਮ ਸਿੰਘ ਖੀਵਾ ਸਮੇਤ ਪਾਰਟੀ ਦੇ ਬਹੁਤ ਸਾਰੇ ਮੈਂਬਰ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਵਿੱਚ ਆਏ ਹੜ੍ਹ ਕੁਦਰਤੀ ਨਹੀਂ ਹਨ

## ਇਸ ਲਈ ਪੰਜਾਬ ਸਰਕਾਰ ਜਿੰਮੇਵਾਰ: ਰਵੀ ਸਿੰਘ





**ਨਵੀਂ ਦਿੱਲੀ 22 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ ਵਿੱਚ ਆਏ ਹੜਾ ਦੇ ਮਾਰ ਹੇਠ ਹੋਏ ਨੁਕਸਾਨ ਸਬੰਧੀ ਜਾਣਕਾਰੀ ਸੰਗਤਾ ਨਾਲ ਸਾਂਝੀ ਕਰਣ ਲਈ ਸਰਦਾਰ ਰਵੀ ਸਿੰਘ ਖਾਲਸਾ ਏਡ ਵਿਸੇਸ ਤੌਰ ਤੇ ਕੈਨੇਡਾ ਵਿਖ਼ੇ ਮਾਟਰੀਆਲ ਸਹਿਰ ਦੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਲਸਾਲ ਵਿਖੇ ਪਹੁੰਚੇ। ਇਸ ਮੌਕੇ ਉਨ੍ਹਾਂ ਸੰਗਤਾਂ ਨਾਲ ਵਿਚਾਰ ਪੇਸ਼ ਕਰਦੇ ਹੋਏ ਪੰਜਾਬ ਵਿੱਚ ਆਏ ਹੜਾ ਨੂੰ ਕੁਦਰਤੀ ਕਰੋਪੀ ਦੀ ਜਗਾ ਪੰਜਾਬ ਸਰਕਾਰ ਨੂੰ ਜਿੰਮੇਵਾਰ ਠਹਿਰਾਇਆ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਆਏ ਹੜ੍ਹਾਂ ਦੀ ਮੁੱਖ ਜਿੰਮੇਵਾਰ ਸਰਕਾਰ ਹੈ। ਸਰਦਾਰ ਰਵੀ ਸਿੰਘ ਖਾਲਸਾ ਨੇ ਦੱਸਿਆ ਕੀ ਖਾਲਸਾ ਏਡ ਹਰ ਪੱਖ ਤੋ ਪੰਜਾਬ ਦੇ ਹੜ ਪੀੜਤਾ ਦੇ ਨਾਲ ਖੜੀ ਹੈ। ਉਹਨਾ ਸੰਗਤਾਂ ਨੂੰ ਅਪਣੇ ਭੈਣ ਭਰਾਵਾਂ ਦਾ ਇਸ ਔਖੇ ਸਮੇ ਵਿੱਚ ਸਾਥ ਦੇਣ ਦੀ ਬੇਨਤੀ ਕੀਤੀ। ਰਵੀ ਸਿੰਘ ਖਾਲਸਾ ਦੇ ਨਾਲ ਉਹਨਾ ਟੀਮ ਦੇ ਮੈਬਰ ਕਰਨਵੀਰ ਸਿੰਘ ਬਦੇਸਾ 'ਤੇ ਨਵਜੋਤ ਸਿੰਘ ਵੀਂ ਸੰਗਤਾਂ ਦੇ ਦਰਸ਼ਨ ਕਰਣ ਲਈ ਉਚੇਚੇ ਤੌਰ ਤੇ ਸਾਮਲ ਹੋਏ ਸਨ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਭਾਊ ਅਤੇ ਗੁਰਅਮਰੀਕ ਸਿੰਘ ਨੇ ਦੱਸਿਆ ਕੀ ਗੁਰਦੁਆਰਾ ਸਾਹਿਬ ਵਲ੍ਹੋ ਸੰਗਤ ਦੇ ਸਹਿਯੋਗ ਨਾਲ ਹੜ ਪੀੜਤਾ ਲਈ ਮਾਇਆ ਇਕੱਠੀ ਕੀਤੀ ਜਾ ਰਹੀ ਹੈ ਤੇ ਲੋੜ ਅਨੁਸਾਰ ਹੜ ਪੀੜਤ ਪਰਿਵਾਰਾਂ ਤੱਕ ਪਹੁੰਚਾਈ ਜਾਵੇਗੀ। ਇਸ ਮੌਕੇ ਸਰਦਾਰ ਬਲਰਾਜ ਸਿੰਘ ਢਿੱਲੋ, ਭਾਈ ਅਵਤਾਰ ਸਿੰਘ, ਭਾਈ ਹਰਦੀਪ ਸਿੰਘ ਬਾਈ ਤੇ ਜਸਵਿੰਦਰ ਸਿੰਘ, ਕਮਲਜੀਤ ਸਿੰਘ, ਕਿਰਨਪਾਲ ਸਿੰਘ, ਹਰਜੀਤ ਸਿੰਘ, ਨਰਿੰਦਰ ਸਿੰਘ ਮਿਨਹਾਸ, ਸਰਬਜੀਤ ਸਿੰਘ ਮਿਨਹਾਸ ਅਤੇ ਹਾਜਿਰ ਸੰਗਤਾ ਵੱਲੋ ਸਰਦਾਰ ਰਵੀ ਸਿੰਘ ਖਾਲਸਾ ਨਾਲ ਪੰਜਾਬ ਦੇ ਹਲਾਤਾਂ ਤੇ ਗੰਭੀਰ ਵਿਚਾਰ ਚਰਚਾ ਕੀਤੀ ਗਈ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋ ਰਵੀ ਸਿੰਘ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦੇਣ ਦੇ ਨਾਲ ਉਨ੍ਹਾਂ ਦੀਆਂ ਕੀਤੀਆਂ ਸੇਵਾਵਾ ਕਾਰਨ ਉਹਨਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਘਨੌਰੀ ਕਲਾਂ ਵਿਖੇ ਕਮਿਊਨਿਟੀ ਹਾਲ ਅਤੇ ਪਿੰਡ ਜਹਾਂਗੀਰ ਵਿਖੇ ਪੰਚਾਇਤ ਭਵਨ ਦਾ ਉਦਘਾਟਨ



**ਸੇਰਪੁਰ / ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਹਰੇਕ ਪਿੰਡ ਨੂੰ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਨ ਦੇ ਉਪਰਾਲੇ ਤਹਿਤ ਹਲਕਾ ਧੂਰੀ ਦੇ ਪਿੰਡ ਘਨੌਰੀ ਕਲਾਂ ਵਿਖੇ ਕਮਿਊਨਿਟੀ ਹਾਲ ਅਤੇ ਪਿੰਡ ਜਹਾਂਗੀਰ ਵਿਖੇ ਪੰਚਾਇਤ ਭਵਨ-ਕਮ- ਡਿਜੀਟਲ ਲਾਇਬਰੇਰੀ ਦਾ ਉਦਘਾਟਨ ਕੀਤਾ ਗਿਆ। ਇਸੇ ਤਰ੍ਹਾਂ ਪਿੰਡ ਬੱਬਨਪੁਰ ਕੀਤੇ ਗਏ ਇਕ ਸੰਖੇਪ ਸਮਾਗਮ ਦੌਰਾਨ ਹਲਕੇ ਦੇ 43 ਪਿੰਡਾਂ ਨੂੰ ਫੌਗਿੰਗ ਮਸ਼ੀਨਾਂ ਵੀ ਵੰਡੀਆਂ ਗਈਆਂ। ਇਹਨਾਂ ਤਿੰਨਾਂ ਸਮਾਗਮਾਂ ਦੇ ਮੁੱਖ ਮਹਿਮਾਨ ਸ੍ਰ ਸੁਖਵੀਰ ਸਿੰਘ ਓ ਐੱਸ ਡੀ ਮੁੱਖ ਮੰਤਰੀ ਪੰਜਾਬ ਅਤੇ ਸ੍ਰ ਦਲਵੀਰ ਸਿੰਘ ਢਿੱਲੋਂ ਚੇਅਰਮੈਨ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਸਨ। ਸੁਖਵੀਰ ਸਿੰਘ ਅਤੇ ਦਲਵੀਰ ਸਿੰਘ ਢਿੱਲੋਂ ਨੇ ਭਾਰੀ ਇਕੱਠਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿੰਡ ਘਨੌਰੀ ਕਲਾਂ ਵਿਖੇ ਲੋਕਾਂ ਨੂੰ ਵੱਖ ਵੱਖ ਸਮਾਗਮ ਕਰਵਾਉਣ ਲਈ 40 ਲੱਖ ਰੁਪਏ ਦੀ ਲਾਗਤ ਨਾਲ ਕਮਿਊਨਿਟੀ ਹਾਲ ਅਤੇ ਪਿੰਡ ਜਹਾਂਗੀਰ ਵਿਖੇ 35 ਲੱਖ ਰੁਪਏ ਦੀ ਲਾਗਤ ਨਾਲ ਪੰਚਾਇਤ ਭਵਨ- ਕਮ- ਡਿਜੀਟਲ ਲਾਇਬਰੇਰੀ ਦਾ ਉਦਘਾਟਨ ਕੀਤਾ ਗਿਆ ਹੈ। ਇਸ ਤਰ੍ਹਾਂ ਦੋਵੇਂ ਪਿੰਡਾਂ ਦੀਆਂ ਲੰਮੇ ਸਮੇਂ ਦੀਆਂ ਮੰਗਾਂ ਨੂੰ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੇ ਆਦੇਸ਼ ਉੱਤੇ ਪੂਰਾ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਇਹ ਪ੍ਰੋਜੈਕਟ ਚਾਲੂ ਹੋਣ ਨਾਲ ਲੋਕਾਂ ਨੂੰ ਬਹੁਤ ਲਾਭ ਮਿਲੇਗਾ। ਉਹਨਾਂ ਕਿਹਾ ਕਿ ਭਾਰੀ ਮੀਂਹ ਕਾਰਨ ਹਲਕਾ ਧੂਰੀ ਵਿੱਚ ਵੀ ਕਈ ਦਿਨ ਹੜ੍ਹ ਵਰਗੇ ਹਾਲਾਤ ਬਣੇ ਰਹੇ। ਗੰਦਾ ਪਾਣੀ ਥਾਂ ਥਾਂ ਇਕੱਠਾ ਹੋਣ ਕਾਰਨ ਕਈ ਇਲਾਕਿਆਂ ਵਿੱਚ ਮੱਛਰਾਂ ਦੀ ਭਰਮਾਰ ਦੀਆਂ ਖਬਰਾਂ ਮਿਲੀਆਂ ਸਨ। ਜਿਸ ਨੂੰ ਗੰਭੀਰਤਾ ਨਾਲ ਲੈਂਦਿਆਂ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੇ ਹੁਕਮਾਂ ਉੱਤੇ 43 ਪਿੰਡਾਂ ਨੂੰ 9 ਲੱਖ 67 ਹਜ਼ਾਰ 500 ਰੁਪਏ ਦੀ ਲਾਗਤ ਨਾਲ ਫੌਗਿੰਗ ਮਸ਼ੀਨਾਂ ਪਿੰਡ ਵਾਸੀਆਂ ਨੂੰ ਸਪੁਰਦ ਕੀਤੀਆਂ ਗਈਆਂ ਹਨ। ਉਹਨਾਂ ਕਿਹਾ ਕਿ ਇਸ ਨਾਲ ਆਮ ਲੋਕਾਂ ਨੂੰ ਮੌਸਮੀ ਬਿਮਾਰੀਆਂ ਤੋਂ ਬਚਾਉਣ ਵਿੱਚ ਸਹਾਇਤਾ ਮਿਲੇਗੀ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੁਆਰਾ ਚੁਣੀ ਗਈ ਲੋਕਾਂ ਦੀ ਸਰਕਾਰ ਹੈ। ਪੰਜਾਬ ਸਰਕਾਰ ਹਰੇਕ ਕੰਮ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਹੀ ਕਰਦੀ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਹਲਕਾ ਧੂਰੀ ਵਾਸੀਆਂ ਨੂੰ ਹਰੇਕ ਸਹੂਲਤ ਮੁਹਈਆ ਕਰਵਾਉਣ ਲਈ ਦ੍ਰਿੜ ਵਚਨਬੱਧ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸਟਾਲਿਨ ਜੀ ਦੇ ਪੱਤਰ ਵਿੱਚ ਉਠਾਏ ਗਏ ਵਿਚਾਰਾਂ ਨਾਲ ਸਾਡੀ ਤੇ ਸਾਡੀ ਪਾਰਟੀ ਦੀ ਪੂਰੀ ਸਹਿਮਤੀ : ਗਿਆਨੀ ਹਰਪ੍ਰੀਤ ਸਿੰਘ

M.K.STALIN
CHIEF MINISTER OF TAMIL NADU

SECRETARIAT
CHENNAI - 600 009.

D.O.LETTER NO.3823/CMO/2025, DATED 29-08-2025

Dear Thiru Giani Harpreet Singh,

I extend my warm greetings from Tamil Nadu.

The Constitution of India, drawing significantly from the Government of India Act, 1935, created a framework that centralizes power in New Delhi, weakening the States. It is a fallacy to think that the Union can be strong if its constituent units are weak. A strong Union and strong States are not contradictory but complementary - each deriving strength from the other.

In 1967, Dr. C. N. Annadurai, our beloved leader and then Chief Minister of Tamil Nadu, observed: *"I want the Union to be strong enough to maintain the sovereignty and integrity of India. All the powers needed to make the Union responsible for the safety of this country ought to be with the Union. But that does not mean that the Union, in order to safeguard India from Pakistanis or the Chinese, should think of having a Health Department here. In what way does that strengthen the sovereignty of India? Should they have an Education Department here? In what way does that improve the fighting capacity of the military personnel there?"*

Our leader, Dr. Kalaignar M. Karunanidhi, consistently championed the principle of *"Autonomy to the States, federalism at the Centre."* In 1969, as Chief Minister, he constituted the first independent Committee on Union-State Relations under Justice P.V. Rajamannar. The Committee's report of 1971 was a milestone in shaping debates on federalism in India. In 1974, the Tamil Nadu Legislative Assembly passed a historic resolution urging the Centre to accept the Rajamannar Committee's recommendations and amend the Constitution to pave the way for a truly federal system.

Later, the Union Government set up the Sarkaria Commission (1983-88) and the Punchhi Commission (2007-10). Though both were comprehensive, their recommendations fell short of achieving a genuinely balanced federal framework.

Meanwhile, successive constitutional amendments, Union legislations, and central policies have gradually tilted the delicate balance of powers in favour of the Union. Large Ministries exist at the Union level that duplicate State functions and influence or even dictate State priorities through conditionalities attached to Finance Commission grants, one-size-fits-all guidelines for Centrally Sponsored Schemes, mandatory work-by-work approvals, and intrusive micromanagement of implementation.

-2-

Today, we stand at a defining moment. The need of the hour is to reassess these developments and create a future framework that strengthens true federalism.

With this objective, the Government of Tamil Nadu has constituted a High-Level Committee on Union-State Relations, chaired by Hon'ble Justice Thiru Kurian Joseph, former Judge of the Supreme Court of India, with Thiru K. Ashok Vardhan Shetty, IAS (Retd.), former Vice-Chancellor of the Indian Maritime University, Chennai, and Professor Thiru M. Naganathan, former Vice-Chairman of the Tamil Nadu Planning Commission, as Members.

To guide its work, the Committee has prepared a *Questionnaire* to solicit the considered views of all States and Union Territories. On August 23, 2025, I launched the Committee's web portal and released the *online Questionnaire* at a National Seminar on Union-State Relations. The Questionnaire *is available* at: https://hlcusr.tn.gov.in.

I respectfully invite your esteemed Party to study the Questionnaire prepared by the Committee and to share your reflections, observations, and policy suggestions. Your response will be invaluable in strengthening the principles of cooperative federalism and in ensuring that the Union-State relationship is anchored in balance, mutual trust, and genuine partnership.

This endeavour rises above politics and partisanship. It is about reinforcing the very foundations of our Republic. By participating in this process, your Party will help shape a constitutional framework that respects the autonomy of States, upholds the unity of the Union, and reflects the aspirations of our diverse people. Together, let us renew the federal spirit of our Constitution and bequeath to future generations a Union that is both strong and just, both united and truly federal.

**With warm regards,**

Yours sincerely,
(M.K. STALIN)

To
**Thiru Giani Harpreet Singh,**
Shiromani Akali Dal (SAD),
No.6, Sector-28 B, Madhya Marg,
Chandigarh - 160 028.

ਮੁੱਖ ਦਫ਼ਤਰ
ਸ਼੍ਰੋਮਣੀ ਅਕਾਲੀ ਦਲ
ਪੁਨਰ ਸੁਰਜੀਤ
Head Office
Shiromani Akali Dal

Date 18/09/2025

To ,
M.K. Stalin ,
Hon'ble Chief Minister of Tamil Nadu ,
Secretariat, Chennai — 600 009.

Subject: Response to your letter on Union-State relations and the future of Indian federalism.

Respected Thiru M.K. Stalin ji,

I extend my warm greetings to you and the people of Tamil Nadu. I deeply appreciate your thoughtful letter and your initiative to revisit the question of Union-State relations at this defining moment in our Republic's journey. Your reminder of Dr. C.N. Annadurai's wisdom and Kalaignar Karunanidhi's historic leadership in championing state autonomy resonates strongly with us in Punjab. Indeed, the Rajamannar Committee, followed by the Sarkaria and Punchhi Commissions, all acknowledged the imbalance in Centre-State relations, yet fell short of producing a truly federal framework. Punjab too, through the Anandpur Sahib Resolution (1973), had sought a federal balance where States would enjoy genuine autonomy within a strong Union. But that initiative was misunderstood and maligned as separatist, rather than being recognized as a plea for equitable federalism. The tragedy of Anandpur Sahib was that its call for cooperative federalism was trapped in a Centre-versus-State binary. The question was framed vertically — power from Centre to States — which made it appear as a zero-sum game, and ultimately doomed its acceptance. Today, we must go further. The old paradigm of Centre-State tug-of-war cannot resolve India's challenges. What is needed is a new grammar of federalism: one based not only on Centre-State relations but also on State-to-State solidarities. Why State-to-State Relations Matter Economic resilience: States must be free to form direct compacts on trade, logistics, skills, energy, and technology. Punjab's agriculture can link seamlessly with Tamil Nadu's food processing, or Gujarat's ports with Bihar's labour force. Cultural solidarity: Our festivals, languages, and traditions must circulate laterally, enriching each other beyond central sponsorship. Ecological security: Rivers, forests, and coasts demand cross-border cooperation between States, not only central directives. Political stability: True unity comes when States voluntarily bind themselves to one another, making the Union strong because its constituents are strong. This vision is what we call the Hypernetwork of States — a living mesh of Project Compacts, Zones of Flow, a Federal Mesh Secretariat, and an Assembly of the Federation. It is a framework that transforms federalism from a pyramid into a network, where the Centre is not diminished but redefined as facilitator and guarantor. Learning from the Past The Anandpur Sahib Resolution failed because it was seen as a demand for power from Delhi. The Hypernetwork will succeed because it creates new powers through cooperation, rather than demanding transfer of powers. It is not adversarial, but additive. It is not isolationist, but integrative. Your initiative in Tamil Nadu, and our shared concerns in Punjab, can converge in this new imagination. Let us not only press for greater autonomy but also build solidarities across States — East with West, North with South — and thus re-

Office: 182/80 Industrial Area Phase 1 Chandigarh +917341177537 +917341166935
Email id:- akalidal05@gmail.com

ਮੁੱਖ ਦਫ਼ਤਰ
ਸ਼੍ਰੋਮਣੀ ਅਕਾਲੀ ਦਲ
ਪੁਨਰ ਸੁਰਜੀਤ
Head Office
Shiromani Akali Dal

anchor the Union in the lived cooperation of its peoples. I therefore warmly welcome your High-Level Committee and its efforts. I propose that its deliberations also examine State-to-State mechanisms, so that our future federal framework is not only balanced vertically but also vibrant horizontally. Together, let us renew the federal spirit of India — one that is just, united, and truly cooperative.

With warm regards,

Giani Harpreet Singh
President, Shiromani Akali Dal,(puner surjeet)
Ex. Jathedar Sri Akal Takhat Sahib,Sri Amritsar sahib
Ex. Jathedar Takhat Sri Damdma Sahib, Talwandi Sabo, Bathinda.
Personal, Email harpreet0580@gmail.com
Mobile 9920800005



ਆਵਾਜ਼ਿ ਕੌਮ AWAZE QAUM International Newspaper & WEB TV

Office: 182/80 Industrial Area Phase 1 Chandigarh +917341177537 +917341166935
Email id:- akalidal05@gmail.com

ਮਾਣਯੋਗ ਮੁੱਖ ਮੰਤਰੀ ਐੱਮ.ਕੇ. ਸਟਾਲਿਨ ਜੀ ਦੇ ਪੱਤਰ ਵਿੱਚ ਉਠਾਏ ਗਏ ਵਿਚਾਰਾਂ ਨਾਲ ਸਾਡੀ ਤੇ ਸਾਡੀ ਪਾਰਟੀ ਦੀ ਪੂਰੀ ਸਹਿਮਤੀ ਹੈ। ਭਾਰਤ ਵਿਚ ਫੈਡਰਲ ਢਾਂਚੇ ਦੀ ਮਜ਼ਬੂਤੀ ਲਈ ਹਰ ਰਾਜ ਦੇ ਅਧਿਕਾਰਾਂ, ਸਭਿਆਚਾਰ, ਭਾਸ਼ਾ ਕੁਦਰਤੀ ਸਰੋਤਾਂ ਦੀ ਰੱਖਿਆ ਅਤੇ ਵਿਲੱਖਣਤਾ ਦਾ ਸਨਮਾਨ ਕਰਨਾ ਸਮੇਂ ਦੀ ਲੋੜ ਹੈ।

**ਐੱਮ.ਕੇ. ਸਟਾਲਿਨ**
**ਮਾਣਯੋਗ ਮੁੱਖ ਮੰਤਰੀ, ਤਮਿਲਨਾਡੂ**
**ਸਚਿਵਾਲਾ, ਚੇਨਈ - 600 009**
**ਵਿਸ਼ਾ: ਯੂਨੀਅਨ-ਰਾਜ ਸੰਬੰਧਾਂ ਅਤੇ ਭਾਰਤੀ ਸੰਘਵਾਦ ਦੇ ਭਵਿੱਖ ਬਾਰੇ ਤੁਹਾਡੇ ਪੱਤਰ ਦਾ ਜਵਾਬ**

ਮਾਣਯੋਗ ਥਿਰੂ ਐੱਮ.ਕੇ. ਸਟਾਲਿਨ ਜੀ,

ਤੁਹਾਨੂੰ ਅਤੇ ਤਮਿਲਨਾਡੂ ਦੇ ਲੋਕਾਂ ਨੂੰ ਮੇਰੀਆਂ ਤਹਿ ਦਿਲੋਂ ਮੁਬਾਰਕਾਂ। ਮੈਂ ਤੁਹਾਡੇ ਸੋਚਵਾਨ ਪੱਤਰ ਅਤੇ ਇਸ ਮਹੱਤਵਪੂਰਨ ਸਮੇਂ 'ਚ ਯੂਨੀਅਨ-ਰਾਜ ਸੰਬੰਧਾਂ 'ਤੇ ਮੁੜ ਵਿਚਾਰ ਕਰਨ ਦੀ ਤੁਹਾਡੀ ਪਹਲ ਦੀ ਡੂੰਘੀ ਸਰਾਹਨਾ ਕਰਦਾ ਹਾਂ।

ਡਾ.ਸੀ.ਐਨ.ਅੰਨਾਦੁਰਾਈ ਦੀ ਸਿਆਣਪ ਅਤੇ ਕਲਾਈਗਨਰ ਕਰੁਣਾਨਿਧੀ ਦੀ ਇਤਿਹਾਸਕ ਨੇਤ੍ਰਤਾ, ਜਿਨ੍ਹਾਂ ਨੇ ਰਾਜ ਖੁਦਮੁਖਤਿਆਰੀ ਲਈ ਲੜਾਈ ਲੜੀ, ਸਾਡੇ ਲਈ ਪੰਜਾਬ ਵਿੱਚ ਵੀ ਗੂੰਜਦੀ ਹੈ। ਦਰਅਸਲ, ਰਾਜਮੰਨਾਰ ਕਮੇਟੀ, ਫਿਰ ਸਰਕਾਰੀਆ ਤੇ ਪੁੰਛੀ ਕਮੇਸ਼ਨ ਨੇ ਵੀ ਕੇਂਦਰ-ਰਾਜ ਸੰਬੰਧਾਂ ਵਿੱਚ ਅਸਮਾਨਤਾ ਨੂੰ ਸਵੀਕਾਰਿਆ, ਪਰ ਕਦੇ ਵੀ ਅਸਲੀ ਸੰਘਵਾਦੀ ਢਾਂਚਾ ਪੈਦਾ ਨਹੀਂ ਕਰ ਸਕੇ।

ਪੰਜਾਬ ਨੇ ਵੀ, ਆਨੰਦਪੁਰ ਸਾਹਿਬ ਰੈਜ਼ੋਲੂਸ਼ਨ (1973) ਰਾਹੀਂ, ਇਕ ਐਸਾ ਸੰਘਵਾਦੀ ਸੰਤੁਲਨ ਲੱਭਿਆ ਸੀ ਜਿੱਥੇ ਰਾਜਾਂ ਨੂੰ ਮਜ਼ਬੂਤ ਯੂਨੀਅਨ ਅੰਦਰ ਅਸਲੀ ਖੁਦਮੁਖਤਿਆਰੀ ਮਿਲੇ। ਪਰ ਇਸ ਪਹਲ ਨੂੰ ਗਲਤ ਸਮਝਿਆ ਗਿਆ ਅਤੇ ਅਲੱਗਾਵਾਦੀ ਠਹਿਰਾਇਆ ਗਿਆ, ਨਾ ਕਿ ਸਮਾਨ ਸੰਘਵਾਦ ਦੀ ਮੰਗ ਵਜੋਂ। ਆਨੰਦਪੁਰ ਸਾਹਿਬ ਦੀ ਵਿਡੰਬਨਾ ਇਹ ਸੀ ਕਿ ਉਸਦੀ ਸਹਿਕਾਰੀ ਸੰਘਵਾਦ ਦੀ ਪੁਕਾਰ ਕੇਂਦਰ-ਰਾਜ ਟਕਰਾਅ ਵਿੱਚ ਫਸ ਗਈ। ਸਵਾਲ ਨੂੰ ਲੰਬਕਾਰੀ ਰੂਪ ਵਿੱਚ ਫ੍ਰੇਮ ਕੀਤਾ ਗਿਆ — ਕੇਂਦਰ ਤੋਂ ਰਾਜਾਂ ਨੂੰ ਅਧਿਕਾਰਾਂ ਦੀ ਵੰਡ — ਜਿਸ ਨਾਲ ਇਹ ਜ਼ੀਰੋ–ਸਮ ਖੇਡ ਜਿਹਾ ਦਿਸਣ ਲੱਗਾ, ਅਤੇ ਅੰਤ ਵਿੱਚ ਇਸਦੀ ਸਵੀਕ੍ਰਿਤੀ ਖਤਮ ਹੋ ਗਈ।

ਅੱਜ ਸਾਨੂੰ ਇਸ ਤੋਂ ਅੱਗੇ ਵਧਣ ਦੀ ਲੋੜ ਹੈ। ਪੁਰਾਣਾ ਕੇਂਦਰ-ਰਾਜ ਰੱਸਾਕਸੀ ਦਾ ਮਾਡਲ ਹੁਣ ਭਾਰਤ ਦੀਆਂ ਚੁਣੌਤੀਆਂ ਦਾ ਹੱਲ ਨਹੀਂ। ਲੋੜ ਹੈ ਇਕ ਨਵੇਂ ਸੰਘਵਾਦੀ ਵਿਆਕਰਨ ਦੀ — ਜੋ ਸਿਰਫ਼ ਕੇਂਦਰ-ਰਾਜ ਹੀ ਨਹੀਂ, ਸਗੋਂ ਰਾਜ-ਰਾਜ ਏਕਤਾ 'ਤੇ ਆਧਾਰਿਤ ਹੋਵੇ।

ਰਾਜ-ਰਾਜ ਸੰਬੰਧ ਕਿਉਂ ਜ਼ਰੂਰੀ ਹਨ

ਆਰਥਿਕ ਸਥਿਰਤਾ: ਰਾਜਾਂ ਨੂੰ ਵਪਾਰ, ਲਾਜਿਸਟਿਕਸ, ਹੁਨਰ, ਊਰਜਾ ਅਤੇ ਤਕਨਾਲੋਜੀ 'ਚ ਸਿੱਧੇ ਸਮਝੌਤੇ ਕਰਨ ਦੀ ਆਜ਼ਾਦੀ ਹੋਣੀ ਚਾਹੀਦੀ ਹੈ। ਪੰਜਾਬ ਦੀ ਖੇਤੀਬਾੜੀ ਤਮਿਲਨਾਡੂ ਦੇ ਫੂਡ ਪ੍ਰੋਸੈਸਿੰਗ ਨਾਲ ਬਿਨਾ ਰੁਕਾਵਟ ਜੁੜ ਸਕਦੀ ਹੈ, ਜਾਂ ਗੁਜਰਾਤ ਦੇ ਬੰਦਰਗਾਹ ਬਿਹਾਰ ਦੀ ਮਜ਼ਦੂਰ ਤਾਕਤ ਨਾਲ।

ਸੱਭਿਆਚਾਰਕ ਏਕਤਾ: ਸਾਡੇ ਮੇਲੇ, ਭਾਸ਼ਾਵਾਂ ਤੇ ਰਿਵਾਇਤਾਂ ਆਪਸ 'ਚ ਅੱਡੀਂ-ਅੱਡੀਂ ਵਗਣ, ਇਕ-ਦੂਜੇ ਨੂੰ ਮੱਧ ਪ੍ਰਾਯੋਜਨਾ ਤੋਂ ਪਰੇ ਮਾਲਾਮਾਲ ਕਰਨ।

ਪਰਿਆਵਰਣਕ ਸੁਰੱਖਿਆ: ਦਰਿਆ, ਜੰਗਲ ਅਤੇ ਸਮੁੰਦਰੀ ਤਟਾਂ ਲਈ ਸਿਰਫ਼ ਕੇਂਦਰੀ ਹੁਕਮਾਂ ਨਾਲ ਨਹੀਂ, ਸਗੋਂ ਰਾਜ-ਰਾਜ ਸਹਿਯੋਗ ਦੀ ਲੋੜ ਹੈ।

ਰਾਜਨੀਤਕ ਸਥਿਰਤਾ: ਅਸਲੀ ਏਕਤਾ ਤਦ ਹੀ ਆਉਂਦੀ ਹੈ ਜਦੋਂ ਰਾਜ ਆਪਣੀ ਮਰਜ਼ੀ ਨਾਲ ਇਕ-ਦੂਜੇ ਨਾਲ ਜੁੜਦੇ ਹਨ। ਯੂਨੀਅਨ ਮਜ਼ਬੂਤ ਤਦ ਹੁੰਦੀ ਹੈ ਜਦੋਂ ਉਸਦੇ ਹਿੱਸੇ ਮਜ਼ਬੂਤ ਹੁੰਦੇ ਹਨ।

ਇਹੀ ਦਰਸ਼ਨ ਹੈ ਜਿਸਨੂੰ ਅਸੀਂ ਰਾਜਾਂ ਦਾ ਹਾਈਪਰ-ਨੈੱਟਵਰਕ ਕਹਿੰਦੇ ਹਾਂ — ਪ੍ਰੋਜੈਕਟ ਕੰਪੈਕਟਾਂ ਦਾ ਜੀਵੰਤ ਜਾਲ, ਫ਼ਲੋ ਜ਼ੋਨਾਂ ਦਾ, ਫੈਡਰਲ ਮੇਸ਼ ਸਚਿਵਾਲਾ, ਅਤੇ ਫੈਡਰੇਸ਼ਨ ਦੀ ਐਸੈਂਬਲੀ। ਇਹ ਇਕ ਐਸਾ ਫਰੇਮਵਰਕ ਹੈ ਜੋ ਸੰਘਵਾਦ ਨੂੰ ਪਿਰਾਮਿਡ ਤੋਂ ਨੈੱਟਵਰਕ ਵਿੱਚ ਬਦਲਦਾ ਹੈ, ਜਿੱਥੇ ਕੇਂਦਰ ਘਟਦਾ ਨਹੀਂ, ਸਗੋਂ ਸੁਗਮਕਾਰੀ ਅਤੇ ਗਾਰੰਟਰ ਵਜੋਂ ਮੁੜ-ਪਰਿਭਾਸ਼ਿਤ ਹੁੰਦਾ ਹੈ।

ਪਿਛਲੇ ਤੋਂ ਸਬਕ

ਆਨੰਦਪੁਰ ਸਾਹਿਬ ਰੈਜ਼ੋਲੂਸ਼ਨ ਫੇਲ੍ਹ ਹੋਇਆ ਕਿਉਂਕਿ ਇਸਨੂੰ ਦਿੱਲੀ ਤੋਂ ਅਧਿਕਾਰਾਂ ਦੀ ਮੰਗ ਵਜੋਂ ਦੇਖਿਆ ਗਿਆ।

ਹਾਈਪਰ-ਨੈੱਟਵਰਕ ਕਾਮਯਾਬ ਹੋਵੇਗਾ ਕਿਉਂਕਿ ਇਹ ਸਹਿਯੋਗ ਰਾਹੀਂ ਨਵੇਂ ਅਧਿਕਾਰ ਬਣਾਉਂਦਾ ਹੈ, ਨਾ ਕਿ ਕੇਵਲ ਅਧਿਕਾਰਾਂ ਦੀ ਤਬਦੀਲੀ ਦੀ ਮੰਗ ਕਰਦਾ ਹੈ। ਇਹ ਟਕਰਾਓਂ ਵਾਲਾ ਨਹੀਂ, ਸਗੋਂ ਜੋੜਨ ਵਾਲਾ ਹੈ। ਇਹ ਇਕਾਂਤਵਾਦੀ ਨਹੀਂ, ਸਗੋਂ ਏਕਤਾਵਾਦੀ ਹੈ।

ਤਮਿਲਨਾਡੂ ਵਿੱਚ ਤੁਹਾਡੀ ਪਹਲ ਅਤੇ ਪੰਜਾਬ ਦੇ ਸਾਡੇ ਸਾਂਝੇ ਚਿੰਤਾ-ਮੁੱਦੇ ਇਸ ਨਵੇਂ ਖ਼ਿਆਲ ਵਿੱਚ ਇਕੱਠੇ ਹੋ ਸਕਦੇ ਹਨ। ਆਓ ਸਿਰਫ਼ ਵੱਧ ਖੁਦਮੁਖਤਿਆਰੀ ਦੀ ਮੰਗ ਨਾ ਕਰੀਏ, ਸਗੋਂ ਰਾਜ-ਰਾਜ ਏਕਤਾ ਵੀ ਬਣਾਈਏ — ਪੂਰਬ-ਪੱਛਮ, ਉੱਤਰ-ਦੱਖਣ — ਅਤੇ ਇਸ ਤਰ੍ਹਾਂ ਯੂਨੀਅਨ ਨੂੰ ਲੋਕਾਂ ਦੇ ਜੀਵੰਤ ਸਹਿਯੋਗ ਵਿੱਚ ਮੁੜ-ਜੜੀਏ।

ਮੈਂ ਇਸ ਲਈ ਤੁਹਾਡੀ ਹਾਈ-ਲੇਵਲ ਕਮੇਟੀ ਅਤੇ ਇਸਦੇ ਯਤਨਾਂ ਦਾ ਗਰਮਜੋਸ਼ੀ ਨਾਲ ਸਵਾਗਤ ਕਰਦਾ ਹਾਂ। ਮੈਂ ਪ੍ਰਸਤਾਵ ਕਰਦਾ ਹਾਂ ਕਿ ਇਸ ਦੀਆਂ ਵਿਚਾਰ-ਵਟਾਂਦਰਾਂ ਵਿੱਚ ਰਾਜ-ਰਾਜ ਮਕੈਨਿਜ਼ਮਾਂ ਦਾ ਵੀ ਅਧਿਐਨ ਹੋਵੇ, ਤਾਂ ਜੋ ਸਾਡਾ ਭਵਿੱਖ ਸੰਘਵਾਦੀ ਢਾਂਚਾ ਸਿਰਫ਼ ਲੰਬਕਾਰੀ ਹੀ ਨਹੀਂ, ਸਗੋਂ ਅੱਡੀਂ ਵੀ ਰੌਣਕਦਾਰ ਹੋਵੇ। ਆਓ ਇਕੱਠੇ ਹੋ ਕੇ ਭਾਰਤ ਦੇ ਸੰਘਵਾਦੀ ਜਜ਼ਬੇ ਨੂੰ ਮੁੜ ਜੀਵੰਤ ਕਰੀਏ — ਜੋ ਇਨਸਾਫ਼ਪਸੰਦ, ਏਕਤਾਵਾਦੀ ਅਤੇ ਅਸਲ ਵਿੱਚ ਸਹਿਕਾਰੀ ਹੋਵੇ।

**ਤੁਹਾਡਾ ਅਪਣਾ**
**ਗਿਆਨੀ ਹਰਪ੍ਰੀਤ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ਼ਹੀਦੀ ਜਾਗਰਤੀ ਯਾਤਰਾ ਦੇ

# ਕੋਲਕਾਤਾ ਪਹੁੰਚਣ ’ਤੇ ਹੋਇਆ ਸ਼ਾਨਦਾਰ ਸਵਾਗਤ





**ਨਵੀਂ ਦਿੱਲੀ, 22 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)-** ਤਖਤ ਸ਼੍ਰੀ ਹਰਿਮੰਦਰ ਸਾਹਿਬ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਅਤੇ ਬਿਹਾਰ ਸਰਕਾਰ ਦੇ ਸਹਿਯੋਗ ਨਾਲ 17 ਸਤੰਬਰ ਨੂੰ ਗੁਰਦੁਆਰਾ ਗੁਰੂ ਕਾ ਬਾਗ ਤੋਂ ਜਾਗਰਤੀ ਯਾਤਰਾ ਸ਼ੁਰੂ ਹੋਈ ਸੀ ਜੋ ਅੱਜ ਕੋਲਕਾਤਾ ਪਹੁੰਚ ਗਈ ਹੈ। ਸੰਗਤ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਯਾਤਰਾ ਦਾ ਸਵਾਗਤ ਕਰ ਰਹੀ ਹੈ। ਤਖਤ ਪਟਨਾ ਸਾਹਿਬ ਕਮੇਟੀ ਦੇ ਮਹਾਸਚਿਵ ਇੰਦਰਜੀਤ ਸਿੰਘ, ਪ੍ਰਵਕਤਾ ਹਰਪਾਲ ਸਿੰਘ ਜੋਹਲ ਅਤੇ ਮੈਨੇਜਰ ਹਰਜੀਤ ਸਿੰਘ ਯਾਤਰਾ ਨਾਲ ਸਾਥੀ ਵਜੋਂ ਯਾਤਰੀ ਸੰਗਤ ਨੂੰ ਮਾਰਗਦਰਸ਼ਨ ਦੇ ਰਹੇ ਹਨ। ਯਾਤਰਾ ਦੇ ਕੋਲਕਾਤਾ ਪਹੁੰਚਣ ’ਤੇ ਤਖਤ ਪਟਨਾ ਸਾਹਿਬ ਦੇ ਐਸੋਸੀਏਟ ਮੈਂਬਰ ਜਸਬੀਰ ਸਿੰਘ ਧਾਮ ਵੀ ਵਿਸ਼ੇਸ਼ ਤੌਰ ’ਤੇ ਪਹੁੰਚੇ। ਤਖਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਜਾਗਰਤੀ ਯਾਤਰਾ ਨੂੰ ਲੈ ਕੇ ਸੰਗਤ ਵਿੱਚ ਖਾਸ ਉਤਸ਼ਾਹ ਹੈ। ਜਿਥੇ-ਜਿਥੇ ਵੀ ਯਾਤਰਾ ਲੰਘ ਰਹੀ ਹੈ, ਲੋਕ ਆਪਣੀ ਵਿਲੱਖਣ ਢੰਗ ਨਾਲ ਯਾਤਰਾ ਦਾ ਸਵਾਗਤ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਜਿਵੇਂ ਹੀ ਯਾਤਰਾ ਕੋਲਕਾਤਾ ਪਹੁੰਚੀ, ਦੁਨਲੋਪ, ਡਮਡਮ ਆਦਿ ਗੁਰਦੁਆਰਾ ਸਾਹਿਬਾਂ ਵਿੱਚ ਯਾਤਰਾ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸ. ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਯਾਤਰਾ ਦੇ ਪਹੁੰਚਣ ਤੋਂ ਪਹਿਲਾਂ ਹੀ ਸੰਗਤ ਇਕੱਠੀ ਹੋ ਕੇ ਯਾਤਰਾ ਨੂੰ ਲੈਣ ਲਈ ਤਤਪਰ ਰਹਿੰਦੀ ਹੈ। ਖਾਸ ਕਰਕੇ ਨੌਜਵਾਨ ਵਰਗ ਵੱਡੀ ਗਿਣਤੀ ਵਿੱਚ ਇਸ ਯਾਤਰਾ ਵਿੱਚ ਭਾਗ ਲੈ ਰਹੇ ਹਨ, ਜੋ ਕਿ ਬਾਈਕ ਰੈਲੀਆਂ ਦੇ ਰੂਪ ਵਿੱਚ ਯਾਤਰਾ ਨਾਲ ਜੁੜ ਰਹੇ ਹਨ। ਸ. ਜਗਜੋਤ ਸਿੰਘ ਨੇ ਯਾਤਰਾ ਦੇ ਸਫਲ ਆਯੋਜਨ ਲਈ ਤਖਤ ਪਟਨਾ ਸਾਹਿਬ ਦੀ ਪੂਰੀ ਟੀਮ, ਖ਼ਾਸ ਕਰਕੇ ਜਸਬੀਰ ਸਿੰਘ ਧਾਮ, ਮਾਨਵਿੰਦਰ ਸਿੰਘ ਬੇਣੀਪਾਲ ਅਤੇ ਪੂਰੇ ਸਟਾਫ ਦਾ ਧੰਨਵਾਦ ਕੀਤਾ। ਇਸਦੇ ਨਾਲ-ਨਾਲ ਉਨ੍ਹਾਂ ਉਹਨਾਂ ਸਾਰੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਜਥੇਬੰਦੀਆਂ ਅਤੇ ਸੰਗਤ ਦਾ ਵੀ ਆਭਾਰ ਵਿਅਕਤ ਕੀਤਾ ਜਿਨ੍ਹਾਂ ਨੇ ਯਾਤਰਾ ਦੇ ਰਾਸਤੇ ਵਿਚ ਸਟਾਲ ਲਗਾ ਕੇ ਜਾਂ ਹੋਰ ਢੰਗ ਨਾਲ ਸਵਾਗਤ ਕਰਕੇ ਸਹਿਯੋਗ ਦਿੱਤਾ।

# ਝਾੜ ਸਾਹਿਬ ਕਾਲਜ ਵਿਖੇ ਭਾਈ ਘਨੱਈਆ ਜੀ ਮਾਨਵ ਸੇਵਾ ਦਿਵਸ ਮਨਾਇਆ





**ਮਾਛੀਵਾੜਾ ਸਾਹਿਬ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ (ਲੁਧਿ.) ਵਿਖੇ ਭਾਈ ਘਨੱਈਆ ਜੀ ਮਾਨਵ ਸੇਵਾ ਦਿਵਸ ਸ਼ਰਧਾ ਸਹਿਤ ਮਨਾਇਆ ਗਿਆ। ਗੁਰੂ ਸਾਹਿਬਾਨ ਵੱਲੋਂ ਦਰਸਾਏ ਸਰਵ- ਸਾਂਝੀਵਾਲਤਾ, ਪਰਉਪਕਾਰ, ਸਰਬੱਤ ਦੇ ਭਲੇ ਦੇ ਮਾਰਗ ‘ਤੇ ਚਲਦਿਆ ਭਾਈ ਘਨੱਈਆ ਜੀ ਨੇ 1704 ਈ: ਵਿੱਚ ਸ੍ਰੀ ਅਨੰਦਪੁਰ ਸਾਹਿਬ ਦੀ ਜੰਗ ਸਮੇਂ ਬਿਨ੍ਹਾਂ ਕਿਸੇ ਭੇਦ-ਭਾਵ ਤੋਂ ਸਭ ਵਿੱਚ ਪ੍ਰਮਾਤਮਾ ਦਾ ਰੂਪ ਦੇਖਦਿਆਂ ਜ਼ਖਮੀਆਂ ਨੂੰ ਪਾਣੀ ਪਿਲਾਇਆ ਅਤੇ ਲੋੜ ਅਨੁਸਾਰ ਮਲ੍ਹਮ, ਪੱਟੀ ਕੀਤੀ।ਇਨ੍ਹਾਂ ਦੀਆਂ ਮਹਾਨ ਸੇਵਾਵਾਂ ਬਾਰੇ ਜਾਣੂ ਕਰਵਾਉਣ ਲਈ ਹਰ ਸਾਲ ਮਿਤੀ 20 ਸਤੰਬਰ ਨੂੰ ਮਾਨਵ ਸੇਵਾ ਦਿਵਸ ਵਜੋਂ ਮਨਾਇਆ ਜਾਂਦਾ ਹੈ।ਇਸ ਮੌਕੇ ਕਾਲਜ ਦੇ ਧਾਰਮਿਕ ਅਧਿਆਪਕ ਵੱਲੋਂ ਭਾਈ ਘਨੱਈਆ ਜੀ ਦੇ ਜੀਵਨ ਤੇ ਸੇਵਾ ਦੇ ਸੰਕਲਪ ਸਬੰਧੀ ਵਿਦਿਆਰਥਣਾਂ ਨਾਲ ਵਿਚਾਰਾਂ ਦੀ ਸਾਂਝ ਪਾਈ ਗਈ ਅਤੇ ਬੱਚਿਆਂ ਨੂੰ ਨਿਸ਼ਕਾਮ ਸੇਵਾ ਭਾਵਨਾਂ ਦੇ ਗੁਣਾਂ ਨੂੰ ਧਾਰਨ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਉਪਰੰਤ ਡਾ. ਅੰਜੂ ਖੁਰਾਨਾ ਰੂਰਲ ਮੈਡੀਕਲ ਅਫ਼ਸਰ ਝਾੜ ਸਾਹਿਬ ਵੱਲੋਂ ਵਿਦਿਆਰਥਣਾਂ ਨੂੰ ਮੁੱਢਲੀ ਡਾਕਟਰੀ ਸਹਾਇਤਾ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਮੌਕੇ ਦੀ ਨਜ਼ਾਕਤ ਨੂੰ ਪਹਿਚਾਣਦੇ ਹੋਏ ਤੁਰੰਤ ਬਿਨਾਂ ਸਮਾਂ ਗਵਾਏ ਮੌਜੂਦ ਸਾਧਨਾ ਰਾਹੀਂ ਮੁਢਲੀ ਸਹਾਇਤਾ ਦੇਣ ਤੋਂ ਇਲਾਵਾ ਹੋਰ ਜਰੂਰੀ ਨੁਕਤਿਆਂ ਸਬੰਧੀ ਵੀ ਵਿਸਥਾਰ ਪੂਰਵਕ ਦੱਸਿਆ।

# ਸੰਤ ਗੁਰਦਾਸ ਦਾਸ ਜੀ ਦੇ ਬਰਸੀ ਸਮਾਗਮ ਸਾਹਰੀ ਵਿਖੇ ਸ਼ਰਧਾ ਪੂਰਵਕ ਮਨਾਏ ਪ੍ਰਮੇਸ਼ਰ ਦਾ ਸਿਮਰਨ ਹੀ ਮਨੁੱਖ ਦੇ ਸੰਸਾਰਿਕ ਰੋਗਾਂ ਦਾ ਸਹੀ ਇਲਾਜ: ਸੰਤ ਬਲਵੀਰ ਦਾਸ




**ਹੁਸ਼ਿਆਰਪੁਰ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)-**ਬ੍ਰਹਮਲੀਨ, ਨਾਮ ਦੇ ਰਸੀਏ ਸ੍ਰੀਮਾਨ 108 ਸੰਤ ਗੁਰਦਾਸ ਦਾਸ ਜੀ ਦੇ ਸਲਾਨਾ ਬਰਸੀ ਸਮਾਗਮ ਡੇਰਾ ਮਹਾਨਪੁਰੀ ਸਾਹਰੀ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਬਲਵੀਰ ਦਾਸ ਦੀ ਅਗਵਾਈ ਹੇਠ ਇਲਾਕਾ ਨਿਵਾਸੀ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਏ ਗਏ । ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਭਾਈ ਗੁਰਦੇਵ ਸਿੰਘ ਮੁਬਾਰਕ ਨਵਾਂ ਸ਼ਹਿਰ ਤੋਂ ਇਲਾਵਾ ਰਾਗੀ, ਢਾਡੀ, ਕਵੀਸ਼ਰੀ ਜਥੇ, ਕਥਾਵਾਚਕਾਂ ਵਲੋਂ ਰਸਭਿੰਨਾ ਕੀਰਤਨ ਕਰਕੇ ਗੁਰਬਾਣੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰਮਤਿ ਵਿਚਾਰਾਂ ਦੀ ਸਾਂਝ ਪਓਂਦਿਆਂ ਸੰਤ ਬਲਵੀਰ ਦਾਸ ਨੇ ਕਿਹਾ ਪ੍ਰਮਾਤਮਾ ਦਾ ਸਿਮਰਨ ਹੀ ਮਨੁੱਖ ਦੇ ਸੰਸਾਰਿਕ ਰੋਗਾਂ ਦਾ ਸਹੀ ਇਲਾਜ ਹੈ, ਨਾਮ ਸਿਮਰਨ ਤੋਂ ਬਿਨਾਂ ਮਨੁੱਖ ਦਾ ਜੀਵਨ ਅਧੂਰਾ ਹੈ। ਉਨਾਂ ਕਿਹਾ “ਮਾਧੋ ਅਵਿੱਦਿਆ ਹਿੱਤ ਕੀਨ ਵਿਵੇਕ ਦੀਪ ਮਲੀਨ” ਦੇ ਉਪਦੇਸ਼ ਰਾਹੀਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਸਮਝਾਉਣਾ ਕਰਦੇ ਹਨ ਕਿ ਸਿੱਖਿਆ ਭਾਵ ਗਿਆਨ ਤੋਂ ਬਿਨਾਂ ਮਨੁੱਖ ਅਗਿਆਨਤਾ ਦੇ ਹਨੇਰੇ ਵਿਚ ਭਟਕਦਾ ਹੋਇਆ ਗੁਲਾਮੀ ਦਾ ਜੀਵਨ ਬਸਰ ਕਰਦਾ ਹੈ ਇਸ ਲਈ ਸਿੱਖਿਅਤ ਸਮਾਜ ਸਿਰਜਣ ਲਈ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜਾਓ। ਇਸ ਮੌਕੇ ਸੰਤ ਬਲਵੀਰ ਦਾਸ ਵਲੋਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸ਼ੀਅਤਾਂ ਨੂੰ ਗੁਰੂਘਰ ਦੀ ਬਖਸ਼ਿਸ਼ ਸਿਰਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਸੇਵਾਦਾਰ ਲਾਲ ਚੰਦ ਹਿਸਾਰ, ਪ੍ਰੇਮ ਸਿੰਘ ਡਵਿਡਾ ਰਿਹਾਣਾ, ਮਨਜਿੰਦਰ ਸਿੰਘ ਕੰਧਾਲੀ, ਰਾਣਾ ਕੋਟਲਾ, ਸੁਰਿੰਦਰ ਛਿੰਦਾ ਭੀਖੋਵਾਲ, ਰਾਜ ਕੁਮਾਰ ਸਾਹਰੀ, ਜਸਵੀਰ ਗੋਲਡੀ ਸਰਪੰਚ, ਰਮਨ ਝੱਮਟ, ਦਿਨੇਸ਼, ਬਿੰਦਰ ਡਵਿਡਾ ਅਹਿਰਾਣਾ,ਡਾ. ਸੋਹਣ ਲਾਲ ਜੀਰਾ, ਦੇਵੀ ਲਾਲ ਬਹਾਦਰਾ ਰਾਜਸਥਾਨ, ਤਾਰੀ ਹੁਸ਼ਿਆਰਪੁਰ, ਬੀਬੀ ਜਸਵੀਰ ਕੌਰ, ਬੀਬੀ ਲਛਮੀ ਦੇਵੀ, ਬਿਮਲਾ ਹਿਸਾਰ ਅਤੇ ਸੰਗਤਾਂ ਹਾਜਰ ਸਨ।

# ਤਿਉਹਾਰਾਂ ਮੌਕੇ ਮੁਲਾਜ਼ਮਾਂ ਨੂੰ ਸਰਕਾਰ ਤੋਂ ਖ਼ਾਲੀ ਪਈ ਝੋਲੀ ਭਰਨ ਦੀ ਉਮੀਦ: ਜੀ ਟੀ ਯੂ



**ਹੁਸ਼ਿਆਰਪੁਰ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)-**ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੀ ਹੰਗਾਮੀ ਮੀਟਿੰਗ ਨਵਨਿਯੁਕਤ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਨੇ ਮੁਲਾਜ਼ਮ ਮੰਗਾਂ ਤੇ ਪੰਜਾਬ ਸਰਕਾਰ ਵੱਲੋਂ ਦਿਖਾਈ ਜਾ ਰਹੀ ਬੇਰੁਖੀ ਦੀ ਆਲੋਚਨਾ ਕਰਦਿਆਂ ਕਿਹਾ ਕਿ ਮੌਜੂਦਾ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਜਿਸ ਵਿੱਚ ਕੇਂਦਰ ਸਰਕਾਰ ਦੀ ਤਰਜ਼ ਤੇ ਬਕਾਇਆ 15 % ਡੀ ਏ ਦੀਆਂ ਕਿਸ਼ਤਾਂ ਜਲਦ ਜਾਰੀ ਕਰਨਾ, ਪਿੱਛਲੇ ਤਿੰਨ ਸਾਲਾਂ ਤੋਂ ਪੰਜਾਬ ਸਰਕਾਰ ਵੱਲੋਂ ਨੋਟੀਫਿਕੇਸ਼ਨ ਰਾਹੀਂ ਘੋਸ਼ਿਤ ਪੁਰਾਣੀ ਪੈਨਸ਼ਨ ਨੂੰ ਹਕੀਕੀ ਰੂਪ ਵਿੱਚ ਜਲਦ ਲਾਗੂ ਕਰਨਾ, ਅਧਿਆਪਕਾਂ ਦੇ ਅਨੇਕਾਂ ਮਸਲਿਆਂ ਪ੍ਰਤੀ ਸਰਕਾਰ ਵੱਲੋਂ ਅਪਣਾਈ ਜਾ ਰਹੀ ਟਾਲਮਟੋਲ ਦੀ ਨੀਤੀ ਨੂੰ ਛੱਡ ਕੇ ਮੁਲਾਜ਼ਮਾਂ ਨਾਲ਼ ਸਿੱਧਾ ਸੰਵਾਦ ਕਰਕੇ ਉਹਨਾਂ ਨੂੰ ਜਲਦ ਹੱਲ ਕਰਨਾ ਚਾਹੀਦਾ ਹੈ, ਪ੍ਰਾਇਮਰੀ ਤੋਂ ਮਾਸਟਰ ਕੇਡਰ ਅਤੇ ਹੋਰ ਵੱਖ -ਵੱਖ ਪੱਦਉਨਤੀਆਂ ਜਲਦ ਕਰਨ ਆਦਿ ਮਸਲਿਆਂ ਤੇ ਸਰਕਾਰ ਨੂੰ ਗੰਭੀਰਤਾ ਨਾਲ਼ ਵਿਚਾਰ ਕਰਨ ਦੀ ਲੋੜ ਹੈ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਸਿੱਖਿਆ ਵਿਭਾਗ ਵੱਲੋਂ ਕੀਤੀਆਂ ਬਦਲੀਆਂ ਵਿੱਚ ਪਾਰਦਰਸ਼ਤਾ ਦੀ ਕਮੀ ਤੇ ਚਿੰਤਾ ਪ੍ਰਗਟਾਉਂਦਿਆਂ ਭਵਿੱਖ ਵਿੱਚ ਅਧਿਆਪਕਾਂ ਵਿੱਚ ਇਸ ਦੀ ਭਰੋਸੇਯੋਗਤਾ ਘੱਟਣ ਦੀ ਗੱਲ ਆਖੀ ਅਤੇ ਸਰਕਾਰ ਨੂੰ ਇਸ ਮਸਲੇ ਵਿੱਚ ਪੂਰਨ ਪਾਰਦਰਸ਼ਤਾ ਬਣਾਉਣ ਵੱਲ ਗੰਭੀਰਤਾ ਨਾਲ਼ ਵਿਚਾਰ ਕਰਨ ਦੀ ਮੰਗ ਵੀ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇਸ ਮੌਕੇ ਅਧਿਆਪਕ ਆਗੂ ਸੁਨੀਲ ਕੁਮਾਰ,ਲੈਕਚਰਾਰ ਅਮਰ ਸਿੰਘ, ਲੈਕਚਰਾਰ ਉਪਿੰਦਰ ਸਿੰਘ,ਵਿਕਾਸ ਸ਼ਰਮਾ ਨਸਰਾਲਾ, ਸੰਜੀਵ ਧੂਤ, ਪ੍ਰਿੰਸ ਗੜ੍ਹਦੀਵਾਲਾ,ਰਜਤ ਮਹਾਜਨ,ਲੈਕਚਰਾਰ ਹਰਵਿੰਦਰ ਸਿੰਘ, ਸ਼ਾਮ ਸੁੰਦਰ ਕਪੂਰ,ਕਮਲਦੀਪ ਸਿੰਘ, ਅਨੁਪਮ ਰਤਨ, ਹੈੱਡ-ਮਾਸਟਰ ਸੰਦੀਪ ਬਡੇਸਰੋਂ, ਹੈੱਡ-ਮਾਸਟਰ ਨਸੀਬ ਸਿੰਘ,ਅਸ਼ੋਕ ਕੁਮਾਰ,ਨਰੇਸ਼ ਕੁਮਾਰ ਮਿੱਢਾ, ਚਮਨ ਲਾਲ,ਅਮਰਜੀਤ ਸਿੰਘ,ਪਰਸ ਰਾਮ,ਬਲਵਿੰਦਰ ਸਿੰਘ, ਰਾਜੇਸ਼ ਅਰੋੜਾ,ਉਮੇਸ ਕੁਮਾਰ,ਸਰਬਜੀਤ ਸਿੰਘ, ਨਰਿੰਦਰ ਮੰਗਲ, ਸਰਬਜੀਤ ਸਿੰਘ, ਸਚਿਨ ਕੁਮਾਰ,ਜਸਵਿੰਦਰਪਾਲ,ਰਾਜ ਕੁਮਾਰ,ਸੰਦੀਪ ਕੁਮਾਰ,ਲੈਕਚਰਾਰ ਪ੍ਰਭਜੋਤ ਸਿੰਘ, ਰਣਵੀਰ ਸਿੰਘ,ਸਤਵਿੰਦਰ ਸਿੰਘ, ਪਰਮਜੀਤ ਕਾਤਿਬ,ਨਰਿੰਦਰ ਅਜਨੋਹਾ,ਲੈਕਚਰਾਰ ਪਵਨ ਕੁਮਾਰ ਗੋਇਲ, ਦਵਿੰਦਰ ਸਿੰਘ,ਅਸ਼ਵਨੀ ਰਾਣਾ, ਨਰਿੰਦਰ ਸਿੰਘ, ਮੈਡਮ ਪਰਮਜੀਤ ਕੌਰ ਸੂਸ, ਜਸਪ੍ਰੀਤ ਕੌਰ, ਬਲਜੀਤ ਕੌਸ਼ਲ, ਜਸਵੰਤ ਮੁਕੇਰੀਆਂ, ਮਨਜੀਤ ਸਿੰਘ , ਵਰਿੰਦਰ ਨਿਮਾਣਾ,ਸਤੀਸ਼ ਕੁਮਾਰ,ਪਰਮਜੀਤ ਸਿੰਘ, ਸੁਸ਼ੀਲ ਕੁਮਾਰ ਅਵਤਾਰ ਸਿੰਘ, ਲੈਕਚਰਾਰ ਨਰੇਸ਼ ਗੜ੍ਹਸ਼ੰਕਰ ਸਮੇਤ ਵੱਡੀ ਗਿਣਤੀ ’ਚ ਅਧਿਆਪਕ ਹਾਜ਼ਰ ਸਨ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਸਿੱਖਿਆ ਵਿਭਾਗ ਵੱਲੋਂ ਕੀਤੀਆਂ ਬਦਲੀਆਂ ਵਿੱਚ ਪਾਰਦਰਸ਼ਤਾ ਦੀ ਕਮੀ ਤੇ ਚਿੰਤਾ ਪ੍ਰਗਟਾਉਂਦਿਆਂ ਭਵਿੱਖ ਵਿੱਚ ਅਧਿਆਪਕਾਂ ਵਿੱਚ ਇਸ ਦੀ ਭਰੋਸੇਯੋਗਤਾ ਘੱਟਣ ਦੀ ਗੱਲ ਆਖੀ ਅਤੇ ਸਰਕਾਰ ਨੂੰ ਇਸ ਮਸਲੇ ਵਿੱਚ ਪੂਰਨ ਪਾਰਦਰਸ਼ਤਾ ਬਣਾਉਣ ਵੱਲ ਗੰਭੀਰਤਾ ਨਾਲ਼ ਵਿਚਾਰ ਕਰਨ ਦੀ ਮੰਗ ਵੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243